ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਮੰਗਲਵਾਰ, 28 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੨ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਇੱਕ ਹੋਰ ਜ਼ਿਮਨੀ ਚੋਣ ਹੋਣ ਦੇ ਆਸਾਰ, 28 ਅਕਤੂਬਰ ਨੂੰ ਹੋਵੇਗੀ ਲਾਲਪੁਰਾ ਮਾਮਲੇ ਦੀ ਸੁਣਵਾਈ

**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਤਰਨਤਾਰਨ ਜ਼ਿਮਨੀ ਚੋਣ ਅਜੇ ਨਿਬੜੀ ਨਹੀਂ ਹੈ ਕਿ ਪੰਜਾਬ 'ਚ ਇੱਕ ਹੋਰ ਜ਼ਿਮਨੀ ਚੋਣ ਦੇ ਆਸਾਰ ਬਣਦੇ ਵਿਖਾਈ ਦੇ ਰਿਹਾ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਦੇ ਹਲਕੇ ਖਡੂਰ ਸਾਹਿਬ ਤੋਂ ਮੁੜ ਉਪ ਚੋਣ ਦੀਆਂ ਕਿਆਸਰਾਈਆਂ ਹਨ। ਦੱਸ ਦਈਏ ਕਿ ਵਿਧਾਇਕ ਨੂੰ ਤਰਨਤਾਰਨ ਅਦਾਲਤ ਵੱਲੋਂ 4 ਸਾਲ ਦੀ ਸਜ਼ਾ ਸੁਣਾਈ ਗਈ ਹੈ, ਜਿਸ ਦੀ 28 ਅਕਤੂਬਰ ਨੂੰ ਮੰਗਲਵਾਰ ਪੰਜਾਬ ਹਰਿਆਣਾ ਹਾਈਕੋਰਟ 'ਚ ਸੁਣਵਾਈ ਹੋਵੇਗੀ। ਸੂਤਰਾਂ ਅਨੁਸਾਰ, ਜੇਕਰ ਇਸ ਸੁਣਵਾਈ ਦੌਰਾਨ ਹਾਈਕੋਰਟ ਵੱਲੋਂ ਵਿਧਾਇਕ ਨੂੰ ਸਜ਼ਾ ਖਿਲਾਫ਼ ਸਟੇਅ ਨਹੀਂ ਮਿਲਦੀ ਹੈ ਤਾਂ ਉਹ ਵਿਧਾਇਕ ਵੱਜੋਂ ਅਯੋਗ ਕਰਾਰ ਹੋ ਜਾਣਗੇ। ਲਾਲਪੁਰਾ ਦੀ ਵਿਧਾਇਕ ਰਿਪ੍ਰੈਜ਼ੈਂਟੇਸ਼ਨ ਆਫ਼ ਦ ਪੀਪਲ ਐਕਟ 1951 ਦੀ ਧਾਰਾ 8(3) ਤਹਿਤ ਖੁੱਸ ਜਾਵੇਗੀ, ਜਿਸ ਪਿੱਛੋਂ ਖਡੂਰ ਸਾਹਿਬ ਸੀਟ ਖਾਲੀ ਹੋ ਜਾਵੇਗੀ। ਦੱਸ ਦਈਏ ਕਿ ਪਿਛਲੀ ਸੁਣਵਾਈ ਦੌਰਾਨ ਲਾਲਪੁਰਾ ਦੇ ਵਕੀਲ ਨੇ ਕਿਹਾ ਸੀ ਕਿ ਜੇਕਰ ਉਨ੍ਹਾਂ ਦੀ ਸਜ਼ਾ 'ਤੇ ਰੋਕ ਨਹੀਂ ਲਗਾਈ ਜਾਂਦੀ, ਤਾਂ ਉਹ ਆਪਣੀ ਵਿਧਾਨ ਸਭਾ ਮੈਂਬਰਸ਼ਿਪ ਗੁਆ ਸਕਦੇ ਹਨ।



## "ਮੈਨੂੰ ਉਸ ਟਵੀਟ ਲਈ ਅਫਸੋਸ ਹੈ"

# ਬੇਬੇ ਮਹਿੰਦਰ ਕੌਰ ਅੱਗੇ ਝੁਕੀ ਐਮ. ਪੀ. ਕੰਗਨਾ ਰਣੌਤ

**ਬਠਿੰਡਾ/ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਬਾਲੀਵੁੱਡ ਅਦਾਕਾਰਾ ਤੇ ਸਾਂਸਦ ਕੰਗਨਾ ਰਣੌਤ ਵੱਲੋਂ ਇੱਕ ਬਜ਼ੁਰਗ ਔਰਤ 'ਤੇ ਕੀਤੀ ਟਿੱਪਣੀ ਮਾਮਲੇ 'ਚ ਬਠਿੰਡਾ ਦੀ ਅਦਾਲਤ 'ਚ ਸੁਣਵਾਈ ਹੋਈ। ਇਸ ਸੁਣਵਾਈ ਦੌਰਾਨ ਕੰਗਨਾ ਰਣੌਤ ਅਦਾਲਤ 'ਚ ਪੇਸ਼ ਹੋਈ। ਮਾਮਲੇ ਸਬੰਧੀ ਅਗਲੀ ਸੁਣਵਾਈ 24 ਨਵੰਬਰ ਨੂੰ ਹੋਵੇਗੀ। ਸੁਣਵਾਈ ਮਗਰੋਂ ਕੰਗਨਾ ਰਣੌਤ ਵੱਲੋਂ ਬੇਬੇ ਮਹਿੰਦਰ ਕੌਰ ਕੋਲੋਂ ਮੁਆਫੀ ਵੀ ਮੰਗੀ ਗਈ ਹੈ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕੰਗਨਾ ਰਣੌਤ ਨੇ ਕਿਹਾ ਕਿ ਮੈਨੂੰ ਬੇਬੇ ਮਹਿੰਦਰ ਕੌਰ ਨੂੰ ਲੈ ਕੇ ਗਲਤਫਹਿਮੀ ਹੋਈ ਸੀ। ਸੁਫਨੇ 'ਚ ਵੀ ਹੋ ਇਹ ਨਹੀਂ ਸੋਚ ਸਕਦੀ ਕਿ ਅਜਿਹੀ ਕੋਈ ਕੰਟ੍ਰੋਵਰਸੀ ਬਣੇਗੀ। ਮੈਨੂੰ ਉਸ ਟਵੀਟ ਲਈ ਅਫਸੋਸ ਹੈ। ਮੈਂ ਮਹਿੰਦਰ ਕੌਰ ਦੇ ਪਤੀ ਦੇ ਨਾਲ ਵੀ ਗੱਲਬਾਤ ਕੀਤੀ ਹੈ। ਮਾਤਾ ਮਹਿੰਦਰ ਕੌਰ ਦੇ ਵਕੀਲ ਰਣਬੀਰ ਸਿੰਘ ਨੇ ਕਿਹਾ ਕਿ ਮਾਨਯੋਗ ਅਦਾਲਤ ਦੇ ਵਿੱਚ ਜਦ ਐਮਪੀ ਕੰਗਨਾ ਰਣੌਤ ਪੇਸ਼ ਹੋਏ ਤਾਂ ਉਨ੍ਹਾਂ ਨੇ ਬੇਬੇ ਮਹਿੰਦਰ ਕੌਰ ਦੇ ਪਰਿਵਾਰ ਉਹਨਾਂ ਦੇ ਪਤੀ ਜੋ ਉੱਥੇ ਮੌਜੂਦ ਸਨ ਤੋਂ ਮੁਆਫੀ ਮੰਗੀ ਅਤੇ ਉਹਨਾਂ ਨੇ ਕਿਹਾ ਕਿ ਜਾਣੇ ਅਣਜਾਣੇ ਵਿੱਚ ਇਹ ਗੱਲ ਹੋਈ ਹੈ ਮੇਰਾ ਕੋਈ ਵੀ ਮਕਸਦ ਕਿਸੇ ਨੂੰ ਠੇਸ ਪਹੁੰਚਾਉਣਾ ਨਹੀਂ ਸੀ ਇਹ ਰੀਟਵੀਟ ਹੋਇਆ ਪਿਆ ਸੀ, ਪਰ ਮੈਂ ਫਿਰ ਵੀ ਇਸ ਗੱਲ ਦੀ ਮਾਫੀ ਮੰਗਦੀ ਹਾਂ। ਵਕੀਲ ਨੇ ਅੱਗੇ ਕਿਹਾ ਕਿ ਉਨ੍ਹਾਂ ਵੱਲੋਂ ਇਹ ਮਾਮਲਾ ਪਿਛਲੇ ਚਾਰ ਸਾਲਾਂ ਤੋਂ ਲੜਿਆ ਜਾ ਰਿਹਾ ਹੈ। ਅਗਲੀ ਪੇਸ਼ੀ 24 ਨਵੰਬਰ ਦੀ ਪਈ ਹੈ ਉਸ ਵਿੱਚ ਫਿਰ ਤੋਂ ਪੇਸ਼ ਹੋਣ ਲਈ ਕਿਹਾ ਹੈ ਪਰ ਉਹਨਾਂ ਦੇ ਵਕੀਲ ਵੱਲੋਂ ਪੇਸ਼ੀ ਤੋਂ ਨਿੱਜੀ ਤੌਰ 'ਤੇ ਛੋਟ ਮੰਗੀ ਗਈ ਸੀ ਜਿਸ ਦੀ ਅਸੀਂ ਵਿਰੋਧਤਾ ਅਦਾਲਤ ਵਿੱਚ ਕੀਤੀ ਕਿ ਜੇਕਰ ਕੋਈ ਮੈਡਮ ਨੂੰ ਪਾਰਲੀਮੈਂਟ ਵਿੱਚ ਜਾਂ ਕੋਈ ਹੋਰ ਵੱਡਾ ਕੰਮ ਹੈ ਫਿਰ ਤਾਂ ਪੇਸ਼ੀ ਤੋਂ ਮਾਫੀ ਦਿੱਤੀ ਜਾ ਸਕਦੀ ਹੈ ਨਹੀਂ ਤਾਂ ਇਹ ਕ੍ਰਿਮੀਨਲ ਕੇਸ ਹੈ ਇਸ ਵਿੱਚ ਜ਼ਰੂਰ ਪੇਸ਼ ਹੋਣਾ ਚਾਹੀਦਾ ਹੈ। ਬੇਬੇ ਮਹਿੰਦਰ ਕੌਰ ਦੇ ਪਤੀ ਨੇ ਅਦਾਲਤ ਵਿੱਚ ਕਿਹਾ ਕਿ ਪਰਿਵਾਰ ਵਿੱਚ ਬੈਠ ਕੇ ਵੀ ਇਸ ਬਾਰੇ ਗੱਲ ਕਰਾਂਗੇ ਕਿਉਂਕਿ ਯੂਨੀਅਨ ਨਾਲ ਵੀ ਇਸ ਬਾਰੇ ਗੱਲ ਕਰਨੀ ਹੈ ਫੈਸਲਾ ਅਸੀਂ ਨਿੱਜੀ ਤੌਰ 'ਤੇ ਨਹੀਂ ਲੈ ਸਕਦੇ ਜੋ ਲੋਕ ਪਰਿਵਾਰ ਅਤੇ ਯੂਨੀਅਨ ਕਹੇਗੀ ਫਿਰ ਹੀ ਕੁੱਝ ਸੋਚਿਆ ਜਾਵੇਗਾ। ਸਾਲ 2021 ਦੇ ਕਿਸਾਨ ਵਿਰੋਧ ਪ੍ਰਦਰਸ਼ਨ ਦੌਰਾਨ, ਕੰਗਨਾ ਨੇ ਸੋਸ਼ਲ ਮੀਡੀਆ 'ਤੇ ਬਠਿੰਡਾ ਦੀ 87 ਸਾਲਾ ਮਹਿਲਾ ਕਿਸਾਨ ਮਹਿੰਦਰ ਕੌਰ ਬਾਰੇ ਇੱਕ ਟਿੱਪਣੀ ਕੀਤੀ ਸੀ। ਕੰਗਨਾ ਰਣੌਤ ਨੇ ਔਰਤ ਦੀ ਤੁਲਨਾ ਸ਼ਾਹੀਨ ਬਾਗ ਅੰਦੋਲਨ ਦੀ ਦਾਦੀ ਬਿਲਕੀਸ ਬਾਨੋ ਨਾਲ ਕੀਤੀ ਅਤੇ ਕਿਹਾ ਕਿ ਉਹ 100 ਰੁਪਏ ਪ੍ਰਤੀ ਵਿਅਕਤੀ ਲਈ ਵਿਰੋਧ ਪ੍ਰਦਰਸ਼ਨ ਕਰਦੀ ਹੈ। ਮਹਿੰਦਰ ਕੌਰ ਨੇ ਇਸ ਟਿੱਪਣੀ ਵਿਰੁੱਧ ਮਾਣਹਾਨੀ ਦਾ ਕੇਸ ਦਾਇਰ ਕੀਤਾ ਸੀ।



## ਪੰਜਾਬ-ਚੰਡੀਗੜ੍ਹ ਸਮੇਤ ਕੇਂਦਰ ਨੂੰ ਨੋਟਿਸ, ਗਾਇਕ ਰਾਜਵੀਰ ਜਵੰਦਾ ਮੌਤ ਮਾਮਲੇ 'ਚ ਹਾਈਕੋਰਟ 'ਚ ਸੁਣਵਾਈ; ਹਾਦਸੇ ਬਾਅਦ ਤੁਰੰਤ ਨਹੀਂ ਮਿਲਿਆ ਇਲਾਜ

**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਸੜਕ ਹਾਦਸੇ 'ਚ ਮੌਤ ਮਾਮਲੇ ਨੂੰ ਲੈ ਕੇ ਦਾਇਰ ਕੀਤੀ ਗਈ ਪਟੀਸ਼ਨ 'ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਸੁਣਵਾਈ ਹੋਈ। ਅਦਾਲਤ ਨੇ ਕੇਂਦਰ ਸਰਕਾਰ, ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਨੈਸ਼ਨਲ ਮੈਡੀਕਲ ਕਮਿਸ਼ਨ ਨੂੰ ਨੋਟਿਸ ਜਾਰੀ ਕੀਤਾ ਹੈ ਅਤੇ ਇਸ ਮਾਮਲੇ 'ਚ ਜਵਾਬ ਤਲਬ ਕੀਤਾ ਹੈ। ਇਹ ਯਾਚਿਕਾ ਸੀਨੀਅਰ ਵਕੀਲ ਨਵਕਿਰਨ ਸਿੰਘ ਵੱਲੋਂ ਦਾਇਰ ਕੀਤੀ ਗਈ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਹਾਦਸੇ ਤੋਂ ਤੁਰੰਤ ਬਾਅਦ ਢੰਗ ਦਾ ਇਲਾਜ ਨਾ ਮਿਲਣ ਕਾਰਨ ਗਾਇਕ ਦੀ ਮੌਤ ਹੋਈ। ਜਿਸ ਹਸਪਤਾਲ 'ਚ ਉਸਨੂੰ ਪਹਿਲਾਂ ਲਿਜਾਇਆ ਗਿਆ ਸੀ, ਉੱਥੇ ਉਸਨੂੰ ਪ੍ਰਾਇਮਰੀ ਇਲਾਜ ਵੀ ਨਹੀਂ ਮਿਲਿਆ। ਯਾਚਿਕਾ 'ਚ ਨਿੱਜੀ ਹਸਪਤਾਲਾਂ 'ਚ ਹਾਦਸਾਗ੍ਰਸਤ ਮਰੀਜ਼ਾਂ ਲਈ ਢੁਕਵਾਂ ਮਕੈਨਿਜ਼ਮ ਬਣਾਉਣ ਦੀ ਮੰਗ ਕੀਤੀ ਗਈ ਹੈ। ਯਾਚਿਕਾ 'ਚ ਇਹ ਦਲੀਲ ਦਿੱਤੀ ਗਈ ਹੈ ਕਿ ਹਾਦਸੇ ਤੋਂ ਬਾਅਦ ਜਿਸ ਨਿੱਜੀ ਹਸਪਤਾਲ 'ਚ ਰਾਜਵੀਰ ਨੂੰ ਤੁਰੰਤ ਲਿਜਾਇਆ ਗਿਆ ਸੀ, ਉੱਥੇ ਉਸਨੂੰ ਢੰਗ ਨਾਲ ਇਲਾਜ ਨਹੀਂ ਮਿਲਿਆ। ਇੱਥੋਂ ਤੱਕ ਕਿ ਉਸਨੂੰ ਪਹਿਲੀ ਸਹਾਇਤਾ (ਫਸਟ ਐਡ) ਤੱਕ ਨਹੀਂ ਦਿੱਤੀ ਗਈ। ਯਾਚਿਕਾ 'ਚ ਰਾਜਵੀਰ ਮਾਮਲੇ ਨੂੰ ਆਧਾਰ ਬਣਾਉਂਦੇ ਹੋਏ ਭਵਿੱਖ 'ਚ ਪੰਜਾਬ, ਚੰਡੀਗੜ੍ਹ ਅਤੇ ਹਰਿਆਣਾ ਦੇ ਹਸਪਤਾਲਾਂ 'ਚ ਢੰਗ ਨਾਲ ਇਲਾਜ ਦੇ ਪ੍ਰਬੰਧ ਲਈ ਇੱਕ ਪੱਕੀ ਪ੍ਰਣਾਲੀ ਬਣਾਉਣ ਦੀ ਮੰਗ ਕੀਤੀ ਗਈ ਹੈ। ਯਾਚਿਕਾਕਾਰਤਾ ਐਡਵੋਕੇਟ ਨਵਕਿਰਨ ਸਿੰਘ ਨੇ ਦੱਸਿਆ ਕਿ ਸ਼ੁਰੂ 'ਚ ਸਾਨੂੰ ਇਹ ਜਾਣਕਾਰੀ ਨਹੀਂ ਸੀ ਕਿ ਹਾਦਸਾ ਪਿੰਜੌਰ 'ਚ ਹੋਇਆ ਹੈ। ਇਸ ਕਰਕੇ ਅਸੀਂ ਪਹਿਲਾਂ ਹਿਮਾਚਲ ਹਾਈਕੋਰਟ 'ਚ ਇੱਕ ਯਾਚਿਕਾ ਦਾਇਰ ਕੀਤੀ ਸੀ। ਬਾਅਦ 'ਚ ਜਦੋਂ ਪਤਾ ਲੱਗਿਆ ਕਿ ਹਾਦਸਾ ਪਿੰਜੌਰ 'ਚ ਹੋਇਆ ਸੀ, ਤਾਂ ਮੈਂ ਇੱਕ ਪੱਤਰਕਾਰ ਨਾਲ ਮਿਲ ਕੇ ਮੌਕੇ 'ਤੇ ਗਿਆ। ਉੱਥੇ ਜਾ ਕੇ ਪੂਰੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਡੀ.ਡੀ.ਆਰ. (ਡੇਲੀ ਡਾਇਰੀ ਰਿਪੋਰਟ) ਦੀ ਕਾਪੀ ਪ੍ਰਾਪਤ ਕੀਤੀ।



## ਪੰਜਾਬ ਯੂਨੀਵਰਸਿਟੀ ਦਾ ਸਿੱਖ ਕੌਮ ਨਾਲ ਪੱਖਪਾਤੀ ਰਵੱਈਆ ! ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਸੈਮੀਨਾਰ ਲਈ ਥਾਂ ਦੇਣ ਤੋਂ ਇਨਕਾਰ



**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਪੱਖਪਾਤੀ ਰਵੱਈਆ ਅਪਣਾਏ ਜਾਣ ਤੋਂ ਬਾਅਦ ਸੱਥ ਜਥੇਬੰਦੀ ਵੱਲੋਂ ਖੁੱਲ੍ਹੇ ਆਸਮਾਨ ਹੇਠ ਸੈਮੀਨਾਰ ਕਰਨ ਲਈ ਮਜਬੂਰ ਹੋਣਾ ਪਿਆ ਹੈ। ਜਥੇਬੰਦੀ ਵੱਲੋਂ ਯੂਨੀਵਰਸਿਟੀ ਵੱਲੋਂ ਇਨਕਾਰ ਕਰਨ ਪਿੱਛੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸੈਮੀਨਾਰ ਖੁੱਲ੍ਹੇ ਮੈਦਾਨ ਹੇਠ ਕਰਵਾਇਆ ਜਾ ਰਿਹਾ ਹੈ। ਮਾਮਲੇ ਸਬੰਧੀ ਸੱਥ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਸੈਮੀਨਾਰ ਕਰਵਾਉਣ ਲਈ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਲਿਖਤੀ ਤੌਰ 'ਤੇ ਪੱਤਰ ਦੇ ਕੇ ਸੈਮੀਨਾਰ ਹਾਲ ਦੀ ਮੰਗ ਕੀਤੀ ਗਈ ਸੀ, ਪਰੰਤੂ ਯੂਨੀਵਰਸਿਟੀ ਨੇ ਇਨਕਾਰ ਕਰ ਦਿੱਤਾ, ਜਿਸ ਕਾਰਨ ਹੁਣ ਖੁੱਲ੍ਹੇ ਮੈਦਾਨ ਵਿੱਚ ਹੀ ਸੈਮੀਨਾਰ ਕੀਤਾ ਜਾ ਰਿਹਾ ਹੈ। ਸੱਥ ਪਾਰਟੀ ਤੋਂ ਅਸ਼ਮੀਤ ਨੇ ਇੱਕ ਵੀਡੀਓ ਔਨਲਾਈਨ ਅਪਲੋਡ ਕੀਤਾ ਸੀ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਪੀਯੂ ਪ੍ਰਸ਼ਾਸਨ ਨੇ ਇਸ ਸਮਾਗਮ ਲਈ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਸੱਥ ਪਾਰਟੀ ਅਤੇ ਪੀਯੂ ਕੈਂਪਸ ਸਟੂਡੈਂਟਸ ਕੌਂਸਲ (ਪੀਯੂਸੀਐਸਸੀ) ਦੇ ਉਪ-ਪ੍ਰਧਾਨ ਅਸ਼ਮੀਤ ਸਿੰਘ ਵੱਲੋਂ ਐਲਾਨੇ ਗਏ ਸੈਮੀਨਾਰ ਲਈ ਸੱਦੇ ਪਹਿਲਾਂ ਹੀ ਵੰਡੇ ਜਾ ਚੁੱਕੇ ਸਨ, ਜਿਸ ਵਿੱਚ ਸਟੂਡੈਂਟ ਸੈਂਟਰ ਨੂੰ ਸਥਾਨ ਵਜੋਂ ਚੁਣਿਆ ਗਿਆ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਉਨ੍ਹਾਂ ਨੇ ਪੀਯੂ ਲਾਅ ਆਡੀਟੋਰੀਅਮ ਵਿੱਚ "ਭਾਰਤ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਮਨੁੱਖੀ ਅਧਿਕਾਰ" ਸਿਰਲੇਖ ਵਾਲੇ ਸੈਮੀਨਾਰ ਨੂੰ ਕਰਵਾਉਣ ਦੀ ਇਜਾਜ਼ਤ ਮੰਗਣ ਲਈ ਇੱਕ ਪੱਤਰ ਲਿਖਿਆ ਸੀ। ਪਰ ਪੀਯੂ ਨੂੰ ਬੁਲਾਰਿਆਂ ਨਾਲ ਸਮੱਸਿਆਵਾਂ ਸਨ, ਜਿਨ੍ਹਾਂ ਵਿੱਚ ਸਿੱਖ ਕਾਰਕੁਨ ਅਜਮੇਰ ਸਿੰਘ ਅਤੇ ਮਾਰੇ ਗਏ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦਾ ਭਰਾ ਅਮਰਜੀਤ ਸਿੰਘ ਖਾਲੜਾ ਸ਼ਾਮਲ ਸਨ। ਅਸ਼ਮੀਤ ਨੇ ਦੋਸ਼ ਲਗਾਇਆ ਕਿ ਪੀਯੂ ਅੰਦਰ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਪ੍ਰਭਾਵ ਕਾਰਨ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਉਸਨੇ ਇਹ ਵੀ ਦੋਸ਼ ਲਗਾਇਆ ਕਿ ਜਦੋਂ ਉਸਨੇ ਆਪਣੇ ਸਰਕਾਰੀ ਕਮਰੇ ਵਿੱਚ ਜਸਵੰਤ ਸਿੰਘ ਖਾਲੜਾ ਦੀ ਤਸਵੀਰ ਲਗਾਈ ਤਾਂ ਉਸਨੂੰ ਪਰੇਸ਼ਾਨ ਕੀਤਾ ਗਿਆ।

## ਜਲੰਧਰ ਵਾਸੀਆਂ 'ਚ ਮੱਚੀ ਹਾਹਾਕਾਰ, 800 ਘਰ ਢਾਹੁਣ ਦੀਆਂ ਤਿਆਰੀਆਂ, ਮੰਦਰ-ਗੁਰਦੁਆਰੇ ਅਤੇ ਚਰਚ ਵੀ ਸ਼ਾਮਲ; ਲੋਕ ਬੋਲੇ- ਅਸੀਂ ਮਰ ਜਾਵਾਂਗੇ, ਪਰ...

**ਜਲੰਧਰ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਜਲੰਧਰ ਵਿੱਚ ਚੌਗਿਟੀ ਚੌਕ ਨੇੜੇ ਸਥਿਤ ਅੰਬੇਡਕਰ ਨਗਰ ਵਿੱਚ ਔਰਤਾਂ ਰੋ ਰਹੀਆਂ ਹਨ। ਬੱਚੇ, ਬੁੱਢੇ ਅਤੇ ਨੌਜਵਾਨ ਸਾਰੇ ਚਿੰਤਤ ਅਤੇ ਡਰੇ ਹੋਏ ਹਨ। ਪਾਵਰਕਾਮ ਨੇ ਉਨ੍ਹਾਂ ਨੂੰ ਲਗਭਗ 800 ਘਰਾਂ ਨੂੰ ਢਾਹੁਣ ਲਈ 24 ਘੰਟੇ ਦਿੱਤੇ ਹਨ। ਅੱਜ, ਪਾਵਰਕਾਮ ਦੇ ਅਧਿਕਾਰੀ ਜ਼ਮੀਨ ਦਾ ਕਬਜ਼ਾ ਲੈਣ ਲਈ ਅਦਾਲਤ ਵਿੱਚ ਪੇਸ਼ ਹੋਣਗੇ। ਪਾਵਰਕਾਮ ਦਾ ਦਾਅਵਾ ਹੈ ਕਿ, ਇੱਥੇ ਉਨ੍ਹਾਂ ਦੀ 65 ਏਕੜ ਜ਼ਮੀਨ ਹੈ। ਦੱਸ ਦੇਈਏ ਕਿ ਇਹ ਘਰ ਚੌਗਿਟੀ ਤੋਂ ਲਾਡੇਵਾਲੀ ਫਲਾਈਓਵਰ ਦੇ ਬਿਲਕੁਲ ਹੇਠਾਂ ਸਥਿਤ ਹਨ। ਫਲਾਈਓਵਰ ਦੇ ਨਾਲ ਇੱਕ ਤੰਗ, ਟਾਈਲਾਂ ਵਾਲੀ ਸੜਕ ਇਸ ਕਲੋਨੀ ਨੂੰ ਮੁੱਖ ਸੜਕ ਨਾਲ ਜੋੜਦੀ ਹੈ। ਅੰਬੇਡਕਰ ਨਗਰ ਵਿੱਚ ਵਾਸੀਆਂ ਨੇ ਕਿਹਾ ਕਿ ਬਿਜਲੀ ਬੋਰਡ ਨਾਲ ਕੇਸ 1986 ਤੋਂ ਚੱਲ ਰਿਹਾ ਹੈ। ਉਹ ਦੋ ਵਾਰ ਕੇਸ ਜਿੱਤ ਚੁੱਕੇ ਹਨ। ਚੌਥੀ ਪੀੜ੍ਹੀ ਇੱਥੇ ਰਹਿੰਦੀ ਹੈ। ਇੱਥੇ ਲਗਭਗ 800 ਘਰ ਹਨ। ਉਹ ਇੱਥੇ 50 ਸਾਲਾਂ ਤੋਂ ਹੈ। ਉਨ੍ਹਾਂ ਨੇ ਆਪਣਾ ਘਰ ਇੱਟ-ਦਰ-ਇੱਟ ਬਣਾਇਆ ਹੈ। ਹੁਣ, ਜੇਕਰ ਅਸੀਂ ਬੇਘਰ ਹੋ ਜਾਂਦੇ ਹਾਂ, ਤਾਂ ਅਸੀਂ ਕਿੱਥੇ ਜਾਵਾਂਗੇ ? ਉਨ੍ਹਾਂ ਕਿਹਾ, "ਸਾਡੇ ਛੋਟੇ ਬੱਚੇ ਕਿੱਥੇ ਜਾਣਗੇ ? ਅਸੀਂ ਭਾਰਤ ਵਿੱਚ ਰਹਿ ਰਹੇ ਹਾਂ, ਅਸੀਂ ਪਾਕਿਸਤਾਨ ਤੋਂ ਨਹੀਂ ਆਏ ਹਾਂ। ਭਗਵੰਤ ਮਾਨ ਸਰਕਾਰ ਨੂੰ ਅਪੀਲ ਕਰ ਰਹੇ ਹਨ ਕਿ ਸਾਨੂੰ ਬਚਾਓ।"



### ਮੰਦਰ-ਗੁਰਦੁਆਰੇ ਅਤੇ ਗਿਰਜਾ ਘਰ ਬਣਾਏ ਗਏ

ਉਨ੍ਹਾਂ ਕਿਹਾ ਕਿ ਮੰਦਰ, ਗੁਰਦੁਆਰੇ ਅਤੇ ਗਿਰਜਾ ਘਰ ਬਣਾਏ ਗਏ ਹਨ। ਇਨ੍ਹਾਂ ਗੁਰਦੁਆਰਿਆਂ ਨੂੰ ਢਾਹੁਣਾ ਕਿੰਨਾ ਕੁ ਜਾਇਜ਼ ਹੈ ? ਇਨ੍ਹਾਂ ਸਾਰੇ ਗੁਰਦੁਆਰਿਆਂ ਦਾ ਉਦਘਾਟਨ ਜਲੰਧਰ ਦੇ ਆਗੂਆਂ ਨੇ ਕੀਤਾ ਸੀ। ਕੀ ਉਦੋਂ ਕਿਸੇ ਨੂੰ ਪਤਾ ਨਹੀਂ ਸੀ ਕਿ ਇਹ ਜ਼ਮੀਨ ਪਾਵਰਕਾਮ ਦੀ ਹੈ ? ਪਾਵਰਕਾਮ ਦੇ ਅਧਿਕਾਰੀਆਂ ਨੇ ਕਦੇ ਕਿਸੇ 'ਤੇ ਇਤਰਾਜ਼ ਨਹੀਂ ਕੀਤਾ। ਸਾਨੂੰ ਅੱਜ ਤੱਕ ਬਿਜਲੀ ਵਿਭਾਗ ਤੋਂ ਕੋਈ ਨੋਟਿਸ ਨਹੀਂ ਮਿਲਿਆ। ਹੁਣ ਵੀ, ਤਿੰਨ ਅਧਿਕਾਰੀ ਆਏ ਅਤੇ ਸਾਨੂੰ ਆਪਣੇ ਘਰ ਖਾਲੀ ਕਰਨ ਲਈ ਕਿਹਾ। ਅਸੀਂ ਨਾ ਤਾਂ ਆਪਣੇ ਘਰ ਖਾਲੀ ਕਰਾਂਗੇ ਅਤੇ ਨਾ ਹੀ ਇਸ ਮੁਹੱਲੇ ਨੂੰ ਛੱਡਾਂਗੇ, ਭਾਵੇਂ ਕੁਝ ਵੀ ਹੋਵੇ।"

### ਲਗਭਗ 4,000 ਲੋਕ, ਇੰਨੇ ਸਾਰੇ ਲੋਕ ਕਿੱਥੇ ਜਾਣਗੇ ?

ਇੱਕ ਹੋਰ ਔਰਤ ਨੇ ਕਿਹਾ, "ਇੱਥੇ ਲਗਭਗ 4,000 ਲੋਕ ਹਨ। ਇੰਨੇ ਸਾਰੇ ਲੋਕ ਕਿੱਥੇ ਜਾਣਗੇ ? ਉਹ ਵਾਹਨਾਂ ਹੇਠ ਲੇਟ ਜਾਣਗੇ, ਉਹ ਮਰ ਜਾਣਗੇ।" ਪਰ ਅਸੀਂ ਉਨ੍ਹਾਂ ਨੂੰ ਆਪਣੇ ਘਰ ਢਾਹੁਣ ਨਹੀਂ ਦੇਵਾਂਗੇ। ਅਸੀਂ ਮਰ ਜਾਵਾਂਗੇ, ਪਰ ਅਸੀਂ ਨਹੀਂ ਜਾਵਾਂਗੇ। ਜੇਕਰ ਸਰਕਾਰ ਸਾਡੇ ਘਰ ਢਾਹੁਣ ਲਈ ਬੁਲਡੋਜ਼ਰ ਲਿਆਉਂਦੀ ਹੈ, ਤਾਂ ਅਸੀਂ ਉਨ੍ਹਾਂ ਦੇ ਸਾਹਮਣੇ ਲੇਟ ਜਾਵਾਂਗੇ। ਅਸੀਂ ਉਨ੍ਹਾਂ ਨੂੰ ਆਪਣੇ ਘਰ ਨਹੀਂ ਢਾਹਣ ਦੇਵਾਂਗੇ। ਅਸੀਂ ਤਿੰਨ ਦਿਨਾਂ ਤੋਂ ਸੌਂ ਨਹੀਂ ਸਕੇ। ਅਸੀਂ ਭੁੱਖੇ ਹਾਂ, ਪਰ ਖਾਣਾ ਅੰਦਰ ਨਹੀਂ ਜਾ ਰਿਹਾ ਹੈ। ਸਾਡੇ ਬੱਚੇ ਡਰੇ ਹੋਏ ਹਨ।

## ਪੀਣ ਯੋਗ ਨਹੀਂ ਰਿਹਾ ਪੰਜ+ਆਬ ਦਾ ਪਾਣੀ, ਹਰ ਘੁੱਟ ਲਜਾ ਰਹੀ ਬਿਮਾਰੀਆਂ ਦੇ ਨੇੜੇ, 461 ਨਮੂਨੇ ਹੋਏ ਫੇਲ੍ਹ

**ਚੰਡੀਗੜ੍ਹ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਕਈ ਪਿੰਡਾਂ ਦੇ ਲੋਕ ਦੂਸ਼ਿਤ ਪਾਣੀ ਪੀਣ ਲਈ ਮਜਬੂਰ ਹਨ। ਜਲ ਸ਼ਕਤੀ ਮੰਤਰਾਲੇ ਦੀ ਇੱਕ ਰਿਪੋਰਟ ਦੇ ਅਨੁਸਾਰ, ਪਿੰਡਾਂ ਵਿੱਚ ਪੀਣ ਵਾਲੇ ਪਾਣੀ ਦੀ ਛੇ ਮਹੀਨਿਆਂ ਲਈ ਜਾਂਚ ਕੀਤੀ ਗਈ। ਇਸ ਸਮੇਂ ਦੌਰਾਨ 40,720 ਪਾਣੀ ਦੇ ਨਮੂਨੇ ਲਏ ਗਏ, ਜਿਨ੍ਹਾਂ ਵਿੱਚੋਂ 461 ਟੈਸਟ ਵਿੱਚ ਫੇਲ੍ਹ ਹੋ ਗਏ। ਰਿਪੋਰਟ ਅਨੁਸਾਰ, ਕਈ ਇਲਾਕਿਆਂ ਵਿੱਚ ਪਾਣੀ ਪੀਣ ਯੋਗ ਨਹੀਂ ਪਾਇਆ ਗਿਆ ਹੈ। ਦੂਸ਼ਿਤ ਪਾਣੀ ਕਈ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ। ਇਹ ਹੈਜ਼ਾ, ਦਸਤ, ਟਾਈਫਾਈਡ ਵਰਗੀਆਂ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਰਿਹਾ ਹੈ। ਪੇਟ ਨਾਲ ਸਬੰਧਤ ਸਮੱਸਿਆਵਾਂ ਤੋਂ ਇਲਾਵਾ, ਪਾਣੀ ਵਿੱਚ ਮੌਜੂਦ ਭਾਰੀ ਧਾਤਾਂ ਕਾਰਨ ਕੈਂਸਰ ਦਾ ਖ਼ਤਰਾ ਵੀ ਹੈ। ਪੀਣ ਵਾਲੇ ਪਾਣੀ ਦੀ ਜਾਂਚ ਲਈ ਰਾਜ ਵਿੱਚ 33 ਲੈਬਾਂ ਹਨ। ਇਨ੍ਹਾਂ ਵਿੱਚੋਂ 31 ਲੈਬਾਂ NABL (ਨੈਸ਼ਨਲ ਐਕ੍ਰੀਡੇਸ਼ਨ ਬੋਰਡ ਫਾਰ ਟੈਸਟਿੰਗ ਐਂਡ ਕੈਲੀਬ੍ਰੇਸ਼ਨ ਲੈਬਾਰਟਰੀਜ਼) ਦੁਆਰਾ ਮਾਨਤਾ ਪ੍ਰਾਪਤ ਹਨ। ਇਨ੍ਹਾਂ ਲੈਬਾਂ ਵਿੱਚ ਪਾਣੀ ਦੇ ਨਮੂਨਿਆਂ ਦੀ ਜਾਂਚ ਕੀਤੀ ਗਈ ਹੈ। ਮੁਹਿੰਮ ਦੌਰਾਨ, 40,720 ਪਾਣੀ ਦੇ ਨਮੂਨੇ ਇਕੱਠੇ ਕੀਤੇ ਗਏ ਅਤੇ 40,660 ਦੀ ਲੈਬ ਟੈਸਟਿੰਗ ਕੀਤੀ ਗਈ। ਇਨ੍ਹਾਂ ਵਿੱਚੋਂ 461 ਫੇਲ੍ਹ ਹੋਏ। ਵਸਨੀਕਾਂ ਨੂੰ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ 59 ਮਾਮਲਿਆਂ ਵਿੱਚ ਪੀਣ ਵਾਲੇ ਪਾਣੀ ਦੇ ਵਿਕਲਪਕ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ, ਸਮੇਂ ਸਿਰ ਟੈਸਟਿੰਗ ਰਾਹੀਂ ਦੂਸ਼ਿਤ ਪਾਣੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਫੀਲਡ ਟੈਸਟ ਕਿੱਟਾਂ ਦੀ ਵਰਤੋਂ ਕਰਕੇ ਪਾਣੀ ਦੀ ਜਾਂਚ ਕੀਤੀ ਜਾ ਰਹੀ ਹੈ। ਛੇ ਮਹੀਨਿਆਂ ਵਿੱਚ 9,145 ਪਿੰਡਾਂ ਵਿੱਚ 78,518 ਫੀਲਡ ਟੈਸਟ ਕੀਤੇ ਗਏ ਹਨ। ਜਿੱਥੇ ਵੀ ਦੂਸ਼ਿਤ ਪਾਣੀ ਦਾ ਪਤਾ ਲੱਗਦਾ ਹੈ, ਇਸਨੂੰ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਤਾਂ ਜੋ ਸਾਫ਼ ਪਾਣੀ ਪ੍ਰਦਾਨ ਕਰਨ ਲਈ ਤੁਰੰਤ ਢੁਕਵੀਂ ਕਾਰਵਾਈ ਕੀਤੀ ਜਾ ਸਕੇ। ਦੇਸ਼ ਭਰ ਵਿੱਚ, 2,843 ਲੈਬਾਂ ਵਿੱਚ 3,940,482 ਨਮੂਨਿਆਂ ਦੀ ਜਾਂਚ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 1,04,836 ਫੇਲ੍ਹ ਹੋਏ ਹਨ। ਹਾਲਾਂਕਿ, 29,160 ਮਾਮਲਿਆਂ ਵਿੱਚ ਸਾਫ਼ ਪਾਣੀ ਪ੍ਰਦਾਨ ਕਰਨ ਲਈ ਸਰਕਾਰੀ ਕਾਰਵਾਈ ਕੀਤੀ ਗਈ ਹੈ।



## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਵੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



ਭਾਈ ਕਪਤਾਨ ਸਿੰਘ
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ – ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ: 11 ਨਵੰਬਰ 2025

ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ
ਉਮੀਦਵਾਰ: ਭਾਈ ਮਨਦੀਪ ਸਿੰਘ
(ਵਾਰਿਸ ਪੰਜਾਬ ਅਕਾਲੀ ਦਲ)



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV


--✶ ਜਾਰੀ ਕਰਤਾ ✶--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਪੜੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ

Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥





ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਾ ਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ

# 29ਵਾਂ ਸਲਾਨਾ ਗੁਰਮਤਿ ਸਮਾਗਮ



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ** ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।





ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰ. 98141-27470, 84278-66404, 73408-35137


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
HSBC
Night Pharmacy
Ladlee Direct
Chai Paani
Ross Walk Launderette
Shiva Shakti Foods
Roopkala Beauty Salon
Heena Tailor
Hyderabad Wala - Leicester
Belgrave Neighbourhood Centre
Cossington Recreation ground
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

# ਬੱਬਰਾਂ ਦੇ ਹਾਈਕੋਰਟ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਿਤ ਸਮਾਗਮਾਂ ਦੀ ਹੋਈ ਆਰੰਭਤਾ











ਜੱਸੋਵਾਲ - ਗੁਰਦੁਆਰਾ ਸ਼ਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ) ਵਿਖੇ 1 ਨਵੰਬਰ ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਲਈ ਤਿਆਰੀਆਂ ਜੋਰਾਂ 'ਤੇ ਹਨ। ਇਸ ਸਬੰਧ ਵਿੱਚ ਸੰਤ ਚਰਨਜੀਤ ਸਿੰਘ ਜੱਸੋਵਾਲ, ਜੋ ਕਿ ਦਮਦਮੀ ਟਕਸਾਲ ਦੇ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਹਨ, ਨੇ ਅੱਜ ਪਿੰਡ ਉਗੋਵਾਲ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦੇ ਕੇ ਸਮਾਗਮ ਵਿੱਚ ਸ਼ਿਰਕਤ ਕਰਨ ਦੀ ਬੇਨਤੀ ਕੀਤੀ। ਸੰਤ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਗੁਰਦੁਆਰਾ ਸਹੀਦਾਂ ਜੱਸੋਵਾਲ ਵਿਖੇ ਇਹ ਸਮਾਗਮ ਗੁਰਮਤਿ ਪ੍ਰਚਾਰ, ਕੀਰਤਨ ਦਰਬਾਰ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਵੱਡੀ ਗਿਣਤੀ ਵਿੱਚ ਪਹੁੰਚ ਕੇ ਗੁਰਬਾਣੀ ਦਾ ਲਾਹਾ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV

## ਸਮਾਗਮ ਦੀਆਂ ਤਰੀਖਾਂ ਤੇ ਵਿਸ਼ੇਸ਼ ਪ੍ਰੋਗਰਾਮ:

**ਤਾਰੀਖ਼: 1 ਨਵੰਬਰ 2025**

**ਸਥਾਨ: ਗੁਰਦੁਆਰਾ ਸਹੀਦਾਂ ਜੱਸੋਵਾਲ (ਬੱਬਰਾਂ ਦਾ ਹਾਈ ਕੋਰਟ)**

**ਆਯੋਜਕ: ਸੰਤ ਚਰਨਜੀਤ ਸਿੰਘ ਜੱਸੋਵਾਲ, ਦਮਦਮੀ ਟਕਸਾਲ / ਇੰਟਰਨੈਸ਼ਨਲ ਪੰਥਕ ਦਲ)**

⋆ ਜਾਰੀ ਕਰਤਾ ⋆

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**(ਦਮਦਮੀ ਟਕਸਾਲ ਮੈਂਬਰ, ਸ਼੍ਰੋਮਣੀ ਕਮੇਟੀ, ਅੰਤਰਰਾਸ਼ਟਰੀ ਮੁੱਖ ਬੁਲਾਰੇ, ਇੰਟਰਨੈਸ਼ਨਲ ਪੰਥਕ ਦਲ)**

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137



ਆਵਾਜ਼ਿ ਕੌਮ AWAZE QAUM International Newspaper & WEB TV

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SARDARI TRAVELS
SARDARI TRAVELS PROUDLY PRESENTS
NANKANA SAHIB YATRA 2025
31 October To 08 November
ਆਵਾਜ਼ਿ ਕੌਮ AWAZE QAUM International Newspaper & WEB TV
Hurry Book Your Seats Now
ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ਼੍ਰੀ ਪੰਜਾ ਸਾਹਿਬ, ਗੁਰਦੁਆਰਾ ਸ਼੍ਰੀ ਡੇਹਰਾ ਸਾਹਿਬ, ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ।
ਖ਼ਾਲਸਾ ਪੰਥ ਤੋਂ ਵਿਛੜੇ 25 ਤੋਂ ਵੱਧ ਗੁਰਧਾਮਾਂ ਦੀ ਇਤਿਹਾਸਕ ਯਾਤਰਾ।
ਨੋਟ - ਜੋ ਧਾਰਮਿਕ ਯਾਤਰਾ ਕਰਨ ਦੇ ਚਾਹਵਾਨ ਹਨ ਅਤੇ ਪੈਸੇ ਇਕੱਠੇ ਨਹੀਂ ਦੇ ਸਕਦੇ। ਉਹ ਸਾਨੂੰ ਪੈਸੇ ਕਿਸਤਾਂ ਰਾਹੀਂ ਵੀ ਅਦਾ ਕਰ ਸਕਦੇ ਹਨ।
ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ -
ਸੁਲੱਖਣ ਸਿੰਘ ਇਟਲੀ +39 3471560734
Via, G.B.MORONI,11, GORLAGO BERGAMO. ITALY.





## ਜੁਝਾਰ ਸਿੰਘ ਨੇ ਦੁਬਈ 'ਚ ਪਾਵਰ ਸਲੈਪ ਚੈਂਪੀਅਨਸ਼ਿਪ ਜਿੱਤ ਕੇ

# ਸਿੱਖੀ, ਪੰਜਾਬ ਤੇ ਭਾਰਤ ਦਾ ਮਾਣ ਵਧਾਇਆ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਜਿਲ੍ਹਾ ਰੋਪੜ ਦੇ ਗੜੀ ਚਮਕੌਰ ਨਾਲ ਸਬੰਧਤ ਸਾਬਤ ਸੂਰਤ ਸਿੱਖ ਨੌਜਵਾਨ ਜੁਝਾਰ ਸਿੰਘ ਨੂੰ ਦੁਬਈ (ਅਬੂ ਧਾਬੀ) ਵਿੱਚ ਹੋਈ ਅੰਤਰਰਾਸ਼ਟਰੀ ਪਾਵਰ ਸਲੈਪ ਫਾਈਟ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੁਝਾਰ ਸਿੰਘ ਨੇ ਆਪਣੇ ਰੂਸੀ ਮੁਕਾਬਲੇਬਾਜ਼ ਐਂਟੋਲੀ ਗਲੁਸ਼ਕਾ ਨੂੰ ਇਕ ਸ਼ਕਤੀਸ਼ਾਲੀ ਥੱਪੜ ਨਾਲ ਹਰਾਕੇ ਪਹਿਲਾ ਭਾਰਤੀ ਪਾਵਰ ਸਲੈਪ ਚੈਂਪੀਅਨ ਬਣ ਕੇ ਪੰਜਾਬ, ਪੰਜਾਬੀਆਂ ਤੇ ਸਮੂਹ ਭਾਰਤ ਦਾ ਮਾਣ ਉੱਚਾ ਕੀਤਾ ਹੈ।



ਪ੍ਰੋ. ਖਿਆਲਾ ਨੇ ਦੱਸਿਆ ਕਿ ਇਹ ਇਕ ਵਿਲੱਖਣ ਵਿਸ਼ਵ ਪੱਧਰੀ ਖੇਡ ਹੈ, ਜਿਸ ਵਿੱਚ ਦੋ ਖਿਡਾਰੀ ਵਾਰੀ ਵਾਰੀ ਇਕ ਦੂਜੇ ਨੂੰ ਸਲੈਪ ਮਾਰਦੇ ਹਨ ਅਤੇ ਜੋ ਖਿਡਾਰੀ ਵਧੇਰੇ ਸੰਯਮ, ਸ਼ਕਤੀ ਅਤੇ ਟਿਕਾਅ ਦਿਖਾਉਂਦਾ ਹੈ, ਉਸਨੂੰ ਜੇਤੂ ਘੋਸ਼ਿਤ ਕੀਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਜੁਝਾਰ ਸਿੰਘ ਦਾ ਸਬੰਧ ਉਸ ਪਵਿੱਤਰ ਧਰਤੀ ਗੜੀ ਚਮਕੌਰ ਸਾਹਿਬ ਨਾਲ ਹੈ, ਜਿੱਥੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਨੇ ਸ਼ਹੀਦੀ ਦੇ ਕੇ ਖਾਲਸੇ ਦੇ ਅਟੱਲ ਜਜ਼ਬੇ ਨੂੰ ਅਮਰ ਕੀਤਾ ਸੀ। ਉਸੇ ਧਰਤੀ ਦਾ ਇਹ ਸਾਬਤ ਸੂਰਤ ਸਿੱਖ ਨੌਜਵਾਨ ਅੱਜ ਦੁਨੀਆ ਦੇ ਖੇਡ ਮੰਚ 'ਤੇ ਆਪਣੀ ਸ਼ਰਧਾ, ਸੰਯਮ ਅਤੇ ਸ਼ਕਤੀ ਨਾਲ ਪੰਜਾਬ ਤੇ ਭਾਰਤ ਦਾ ਮਾਣ ਵਧਾ ਰਿਹਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਜੁਝਾਰ ਸਿੰਘ ਨੇ ਆਪਣੇ ਨਾਮ ਦੇ ਅਨੁਸਾਰ ਸੱਚਮੁੱਚ "ਜੁਝਾਰੂ" ਸਿੰਘਾਂ ਦੀ ਰੀਤ ਨਿਭਾਈ ਹੈ। ਸਿੱਖੀ ਦੇ ਅਸੂਲਾਂ 'ਤੇ ਕਾਇਮ ਰਹਿ ਕੇ ਆਪਣੀ ਸਾਬਤ ਸੂਰਤ ਪਹਿਚਾਣ ਨਾਲ ਦੁਬਈ ਦੇ ਅੰਤਰਰਾਸ਼ਟਰੀ ਮੰਚ 'ਤੇ ਜਿੱਤ ਹਾਸਲ ਕਰਕੇ ਉਸਨੇ ਦਰਸਾਇਆ ਹੈ ਕਿ ਜਿਥੇ ਖਾਲਸਾ ਖੜਾ ਹੁੰਦਾ ਹੈ, ਉਥੇ ਮਾਣ ਤੇ ਸਤਕਾਰ ਆਪ ਆ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਸਾਬਤ ਸੂਰਤ ਸਿੱਖ ਨੌਜਵਾਨ ਦੀ ਇਹ ਜਿੱਤ ਸਿਰਫ਼ ਵਿਅਕਤੀਗਤ ਖੇਡ ਜਿੱਤ ਨਹੀਂ, ਸਗੋਂ ਸਿੱਖੀ ਦੀ ਰੂਹਾਨੀ ਤਾਕਤ ਅਤੇ ਅਨੁਸ਼ਾਸਨ ਦੀ ਵੀ ਜਿੱਤ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਅਜਿਹੇ ਗੁਰਸਿੱਖ ਨੌਜਵਾਨ ਸਿਰਫ਼ ਖਿਡਾਰੀ ਨਹੀਂ ਹੁੰਦੇ, ਸਗੋਂ ਆਉਣ ਵਾਲੀਆਂ ਸਿੱਖ ਨੌਜਵਾਨ ਪੀੜੀਆਂ ਲਈ ਪ੍ਰੇਰਣਾ-ਸਰੋਤ ਬਣਦੇ ਹਨ। ਜੁਝਾਰ ਸਿੰਘ ਨੇ ਸਾਬਤ ਕੀਤਾ ਹੈ ਕਿ ਜਦ ਸਿੱਖ ਨੌਜਵਾਨ ਗੁਰਮਤਿ ਅਸੂਲਾਂ 'ਤੇ ਕਾਇਮ ਰਹਿ ਕੇ ਮਿਹਨਤ, ਆਤਮ ਵਿਸ਼ਵਾਸ ਅਤੇ ਸਿੱਖੀ ਜਜ਼ਬੇ ਨਾਲ ਮੈਦਾਨ ਵਿੱਚ ਉਤਰਦਾ ਹੈ, ਤਾਂ ਸੰਸਾਰ ਉਸਦਾ ਮਾਣ ਕਰਦਾ ਹੈ।

ਪ੍ਰੋ. ਖਿਆਲਾ ਨੇ ਅਖੀਰ ਵਿੱਚ ਕਿਹਾ - "ਸਾਨੂੰ ਸਮੂਹ ਪੰਜਾਬੀਆਂ ਨੂੰ ਜੁਝਾਰ ਸਿੰਘ ਵਰਗੇ ਸਾਬਤ ਸੂਰਤ ਗੁਰਸਿੱਖ ਖਿਡਾਰੀ ਪੁੱਤਰ 'ਤੇ ਮਾਣ ਹੈ, ਜਿਸ ਨੇ ਦੁਬਈ ਦੇ ਮੰਚ 'ਤੇ ਪੰਜਾਬ, ਪੰਜਾਬੀ ਤੇ ਭਾਰਤ ਦੀ ਨੁਮਾਇੰਦਗੀ ਕਰਦਿਆਂ ਸਿੱਖੀ ਦੀ ਲਾਜ ਰੱਖੀ ਹੈ। ਵਾਹਿਗੁਰੂ ਉਸਨੂੰ ਖੇਡਾਂ ਅਤੇ ਜੀਵਨ ਦੇ ਹਰ ਮੈਦਾਨ ਵਿੱਚ ਹੋਰ ਵੱਡੀਆਂ ਜਿੱਤਾਂ ਨਾਲ ਨਵਾਜੇ।" ●●




ਆਵਾਜ਼ਿ ਕੌਮ AWAZE QAUM International Newspaper & WEB TV

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

## ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਐਤਵਾਰ ਮਿਤੀ 2-11-2025 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-30 ਵਜੇ ਤੱਕ

**Heart Check Up (ECG Test)**

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦਾ ਚੈਕਅਪ ਕਰਨਗੇ

**ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)**

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ ।
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ।
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀ.ਐਸ.ਏ.ਟੈਸਟ।
5. ਕੈਂਸਰ ਦੇ ਮਰੀਜਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿਤੀਆ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜਾ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫਰੀ ਚੈੱਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜ਼ਰੂਰ ਕਰਵਾਉਣ

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

**Mob. : 94630-27634, 98151-89612**

ਲਾਵਾਰਿਸ ਬੇਟੀਆਂ ਦੇ ਸਹਾਰਾ ਬਣ ਕੇ ਉਭਰ ਰਹੇ ਟੌਮ ਹੈਰੀਗਨ ਸਕਾਟਲੈਂਡ ਨਾਲ

# ਏਕ ਨੂਰ ਸੰਸਥਾ ਪਠਲਾਵਾ ਦੀ ਭਾਵਕ ਮਿਲਣੀ





**ਦੁਨੀਆਂ** ਦੇ ਇਕ ਨਿਵੇਕਲੇ ਘਰ ਯੂਨੀਕ ਹੋਮ, ਨਕੋਦਰ ਰੋਡ ਜਲੰਧਰ ਜਿਥੇ ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਦੀ ਬੁਕਲ ਵਿਚ ਲਗਭਗ ਇਕ ਸੌ ਦੇ ਕਰੀਬ ਉਹ ਲਾਵਾਰਿਸ ਬੇਟੀਆਂ ਪਲ ਰਹੀਆਂ ਹਨ ਜਿਨਾਂ ਨੂੰ ਸਮਾਜ ਦੀ ਸੌੜੀ ਮਾਨਸਿਕਤਾ ਨੇ ਦਰ ਕਿਨਾਰਾ ਕਰਕੇ ਸੁਟ ਦਿਤਾ ਗਿਆ ਉਹਨਾਂ ਦੇ ਰਹਿਮੋਕਰਮ ਤੇ। ਇਹਨਾਂ ਬੇਟੀਆਂ ਨੂੰ ਬਾਪ ਵਰਗਾ ਪਿਆਰ ਦੇ ਲਾਡ ਦੇ ਰਹੇ ਹਨ ਸੱਤਾ ਸਮੁੰਦਰਾਂ ਤੋਂ ਪਾਰ ਦਾ ਇਕ ਫ਼ਰਿਸ਼ਤਾ ਜਿਸਦਾ ਨਾਂ ਹੈ ਟੌਮ ਹੈਰੀਗਨ,ਨਾਲ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਸੰਸਥਾ ਦੇ ਇਕ ਮਹੱਤਵਪੂਰਨ ਵਫ਼ਦ ਨਾਲ ਇਕ ਭਾਵਕ ਮਿਲਣੀ ਕੀਤੀ ਗਈ। ਸ ਵਾਰੀਆ, ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਵਿੱਤ ਸਕੱਤਰ ਲੈਕਚਰਾਰ ਤਰਸੇਮ ਪਠਲਾਵਾ, ਸੰਦੀਪ ਕੁਮਾਰ ਗੌੜ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ ਅਤੇ ਕਾਰਜ਼ਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਨੇ ਗੱਲਬਾਤ ਕਰਦਿਆਂ ਆਖਿਆ ਕਿ ਟੌਮ ਹੈਰੀਗਨ ਜਿਸਦਾ ਜ਼ਨਮ ਸਥਾਨ ਸਕਾਟਲੈਂਡ ਹੈ ਤੇ ਉਸਦਾ ਸੱਭਿਆਚਾਰ,ਬੋਲੀ, ਰੀਤੀ ਰਿਵਾਜ ਵੀ ਸਾਡੇ ਨਾਲੋਂ ਵੱਖਰੇ ਹਨ ਫਿਰ ਵੀ ਇਹ ਇਨਸਾਨ ਇਹਨਾਂ ਬੇਟੀਆਂ ਨੂੰ ਇਕ ਬਾਪ ਬਣ ਕੇ ਦੇ ਰਿਹਾ ਹੈ ਮੋਹ ਭਿੱਜਿਆ ਪਿਆਰ। ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਅਤੇ ਲੈਕਚਰਾਰ ਤਰਸੇਮ ਪਠਲਾਵਾ ਨੇ ਨੇ ਦੱਸਿਆ ਕਿ ਟੌਮ ਹੈਰੀਗਨ ਸਕਾਟਲੈਂਡ ਪੁਲਿਸ ਯਾਰਡ ਦਾ ਇਕ ਸੇਵਾ ਮੁਕਤ ਅਫਸਰ ਹੈ ਜਦੋਂ ਉਹ ਆਪਣੀ ਡਿਊਟੀ ਦੌਰਾਨ ਪੁਲਿਸ ਅਕੈਡਮੀ ਫਿਲੌਰ ਵਿਖੇ ਵਿਜਟ ਕਰਿਆ ਕਰਦੇ ਸਨ ਤਾਂ ਉਹ ਜਲੰਧਰ ਵੀ ਆਉਂਦੇ ਸਨ ਜਿਥੋਂ ਉਹਨਾਂ ਨੂੰ ਯੂਨੀਕ ਹੋਮ ਜਲੰਧਰ ਵਿਖੇ ਪਲ ਰਹੀਆਂ ਇਹਨਾਂ ਬੇਟੀਆਂ ਵਾਰੇ ਜਾਣਕਾਰੀ ਮਿਲੀ ਬਸ ਉਸ ਦਿਨ ਤੋ, ਟੌਮ ਸਾਹਿਬ ਇਹਨਾਂ ਬੇਟੀਆਂ ਦੇ ਬਾਪ ਬਣਕੇ ਹੋ ਨਿਬੜੇ। ਇਹਨਾਂ ਬੱਚੀਆਂ ਦੀ ਪੜ੍ਹਾਈ, ਵਧੀਆ ਰਹਿਣ ਸਹਿਣ ਅਤੇ ਵਧੀਆ ਰੌਸ਼ਨ ਭਵਿੱਖ ਲਈ ਕੰਮ ਕਰ ਰਹੇ ਹਨ ਟੌਮ ਸਾਹਿਬ। ਉਹਨਾਂ ਨੇ ਆਪਣੇ ਲਫ਼ਜ਼ ਸਾਂਝੇ ਕਰਦਿਆਂ ਆਖਿਆ ਕਿ ਜਦੋਂ ਤੱਕ ਉਹਨਾਂ ਦੀ ਜ਼ਿੰਦਗੀ ਦੇ ਆਖਰੀ ਸਾਹ ਹਨ ਉਹ ਇਹਨਾਂ ਬੇਟੀਆਂ ਨੂੰ ਬਣਦਾ ਮਾਣ ਸਤਿਕਾਰ ਦਿੰਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮਿਲਣੀ ਮੌਕੇ ਹੋਰਨਾਂ ਤੋਂ ਇਲਾਵਾ, ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਦੇ ਸਮੂਹ ਟਰੱਸਟੀ, ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਉਪ ਚੇਅਰਮੈਨ ਸ ਅਮਰਜੀਤ ਸਿੰਘ ਸੂਰਾਪੁਰ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਆਤਮਾਂ ਸਿੰਘ ਸੂਰਾਪੁਰ,ਡਾ ਕੁਲਦੀਪ ਰਾਜ ਬੰਗਾ, ਸਤੀਸ਼ ਕੁਮਾਰ ਐਮਾਂ ਜਟਾਂ, ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ ਲਧਾਣਾ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰਭਜੋਤ ਸਿੰਘ ਪਠਲਾਵਾ, ਇਸਤਰੀ ਵਿੰਗ ਦੇ ਚੇਅਰਪਰਸਨ ਸ਼੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਪ੍ਰਧਾਨ ਡਾ ਵਰਿੰਦਰ ਕੌਰ ਵਾਰੀਆ, ਮੈਡਮ ਸਰਬਜੀਤ ਕੌਰ ਪਠਲਾਵਾ, ਮੈਡਮ ਬਲਵਿੰਦਰ ਕੌਰ, ਮੈਡਮ ਰਮਨਜੀਤ ਕੌਰ ਪਠਲਾਵਾ, ਮੈਡਮ ਲਖਵਿੰਦਰ ਕੌਰ ਯੂ ਕੇ, ਬੀਬਾ ਪ੍ਰਤੀਤ ਕੌਰ ਵਾਰੀਆ ਹਾਜਿਰ ਸਨ।

**ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਹਲਕਾ ਦਿੜ੍ਹਬਾ ਦੇ

# 5 ਪਿੰਡਾਂ ਨੂੰ ਵਿਕਾਸ ਕਾਰਜਾਂ ਦੀ ਸੌਗਾਤ





**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**- ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਹਰੇਕ ਪਿੰਡ ਨੂੰ ਬੁਨਿਆਦੀ ਢਾਂਚੇ ਪੱਖੋਂ ਮਜ਼ਬੂਤ ਕਰਨ ਲਈ ਸ਼ੁਰੂ ਕੀਤੀ ਗਈ ਕਵਾਇਦ ਦੇ ਚੱਲਦਿਆਂ ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਨੇ ਅੱਜ ਪਿੰਡ ਛਾਜਲੀ, ਛਾਜਲਾ, ਮੈਦੇਵਾਸ, ਦੌਲੇਵਾਲਾ ਅਤੇ ਡਸਕਾ ਨੂੰ 1.34 ਕਰੋੜ ਰੁਪਏ ਦੇ ਚੈੱਕ ਵੰਡੇ। ਇਸ ਮੌਕੇ ਉਹਨਾਂ ਨਾਲ ਤਪਿੰਦਰ ਸਿੰਘ ਸੋਹੀ ਓ ਐਸ ਡੀ ਵਿੱਤ ਮੰਤਰੀ, ਹਰਵਿੰਦਰ ਸਿੰਘ ਛਾਜਲੀ ਚੇਅਰਮੈਨ ਮਾਰਕੀਟ ਕਮੇਟੀ ਸੂਲਰ ਘਰਾਟ, ਮਨਿੰਦਰ ਸਿੰਘ ਘੁੰਮਣ ਪ੍ਰਧਾਨ ਨਗਰ ਪੰਚਾਇਤ ਦਿੜ੍ਹਬਾ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ। ਵੱਖ ਵੱਖ ਪਿੰਡਾਂ ਵਿੱਚ ਰੱਖੇ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਸ੍ਰ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਅੱਜ ਪਿੰਡ ਛਾਜਲੀ, ਛਾਜਲਾ, ਮੈਦੇਵਾਸ, ਦੌਲੇਵਾਲਾ ਅਤੇ ਡਸਕਾ ਨੂੰ 1.34 ਕਰੋੜ ਰੁਪਏ ਦੇ ਚੈੱਕ ਵੰਡੇ ਗਏ ਹਨ। ਇਸ ਰਾਸ਼ੀ ਨਾਲ ਪਿੰਡ ਵਾਸੀਆਂ ਦੀ ਮੰਗ ਅਨੁਸਾਰ ਗਲੀਆਂ, ਨਾਲੀਆਂ, ਕੈਮਰੇ, ਲਾਈਟਾਂ ਅਤੇ ਸ਼ੈੱਡ ਬਣਵਾਉਣ ਦੇ ਕੰਮ ਕਰਵਾਏ ਜਾਣਗੇ। ਇਹਨਾ ਵਿਕਾਸ ਕਾਰਜਾਂ ਵਿੱਚ ਪਿੰਡ ਛਾਜਲਾ ਅਤੇ ਮੈਦੇਵਾਸ ਵਿੱਚ ਬਣਨ ਵਾਲੇ ਆਧੁਨਿਕ ਸਹੂਲਤਾਂ ਨਾਲ ਲੈਸ ਖੇਡ ਸਟੇਡੀਅਮ ਵੀ ਸ਼ਾਮਿਲ ਹਨ। ਉਹਨਾਂ ਕਿਹਾ ਕਿ ਇਹ ਸਾਰੇ ਵਿਕਾਸ ਕਾਰਜ ਤੈਅ ਸਮਾਂ ਸੀਮਾ ਵਿੱਚ ਜਲਦ ਤੋਂ ਜਲਦ ਮੁਕੰਮਲ ਕਰਵਾਏ ਜਾਣਗੇ ਤਾਂ ਜੋ ਲੋਕ ਇਹਨਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ। ਸ੍ਰ ਚੀਮਾ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਸਾਲ 2022 ਵਿੱਚ ਪਿਛਲੀਆਂ ਸਰਕਾਰਾਂ ਤੋਂ ਤੰਗ ਆ ਕੇ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਬਣਾਈ ਸੀ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਤੋਂ ਹੀ ਕਿਸੇ ਵੀ ਸਰਕਾਰ ਨੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਯਤਨ ਨਹੀਂ ਕੀਤੇ। ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਸਿਰਫ਼ ਆਪਣੇ ਸਵਾਰਥੀ ਹਿੱਤਾਂ ਦੀ ਪੂਰਤੀ ਨੂੰ ਪਹਿਲ ਦਿੱਤੀ ਗਈ। ਜਿਸ ਕਾਰਨ ਸੂਬਾ ਪੰਜਾਬ ਅਤੇ ਇੱਥੋਂ ਦੇ ਲੋਕ ਵਿਕਾਸ ਤੋਂ ਬਹੁਤ ਹੀ ਪਛੜ ਗਏ। ਹੁਣ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਚੋਣ ਵਾਅਦਿਆਂ ਤੋਂ ਵੀ ਅੱਗੇ ਜਾ ਕੇ ਕੰਮ ਕੀਤਾ ਜਾ ਰਿਹਾ ਹੈ। ਉਹਨਾਂ ਦਾਅਵੇ ਨਾਲ ਕਿਹਾ ਕਿ ਜਲਦ ਹੀ ਹਰੇਕ ਪਿੰਡ ਨੂੰ ਸ਼ਹਿਰ ਵਰਗੀ ਹਰ ਸਹੂਲਤ ਮਿਲਣ ਲੱਗੇਗੀ।

**☛ ਪਿੰਡ ਛਾਜਲੀ, ਛਾਜਲਾ, ਮੈਦੇਵਾਸ, ਦੌਲੇਵਾਲਾ ਅਤੇ ਡਸਕਾ ਨੂੰ 1.34 ਕਰੋੜ ਰੁਪਏ ਦੇ ਚੈੱਕ ਵੰਡੇ ☛ ਗਲੀਆਂ, ਨਾਲੀਆਂ ਦੇ ਨਾਲ ਨਾਲ ਕੈਮਰੇ, ਲਾਈਟਾਂ, ਸ਼ੈੱਡ ਅਤੇ ਖੇਡ ਸਟੇਡੀਅਮ ਬਣਨਗੇ, ਹਰੇਕ ਪਿੰਡ ਨੂੰ ਮਿਲੇਗੀ ਸ਼ਹਿਰ ਵਰਗੀ ਹਰ ਸਹੂਲਤ - ਹਰਪਾਲ ਸਿੰਘ ਚੀਮਾ**

ਆਵਾਜ਼ਿ ਕੌਮ AWAZE QAUM International Newspaper & WEB TV

# ਅਸ਼ੀਰਵਾਦ ਸਕੀਮ 'ਚ ਅਪਲਾਈ ਕਰਨ ਦੀ ਸਮਾਂ ਹੱਦ 'ਚ ਕੀਤਾ ਵਾਧਾ : ਡਿਪਟੀ ਕਮਿਸ਼ਨਰ

## ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਲਾਭਪਾਤਰੀ ਵਿਆਹ ਤੋਂ ਦੋ ਮਹੀਨੇ ਦੇ ਅੰਦਰ ਕਰਨ ਅਪਲਾਈ : ਰਾਹੁਲ ਚਾਬਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਅਤੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗਰੀਬ ਤੇ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਨੂੰ ਵਿਆਹ ਮੌਕੇ ਦਿੱਤੀ ਜਾਂਦੀ ਆਸ਼ੀਰਵਾਦ ਸਕੀਮ ਤਹਿਤ ਲਾਭ ਲੈਣ ਲਈ ਅਪਲਾਈ ਕਰਨ ਵਾਲੇ ਬਿਨੈਕਾਰਾਂ ਦੀ ਸਹੂਲਤ ਨੂੰ ਦੇਖਦੇ ਹੋਏ ਅਸ਼ੀਰਵਾਦ ਪੋਰਟਲ ਤੇ ਅਪਲਾਈ ਕਰਨ ਦੀ ਸਮਾਂ ਸੀਮਾ ਵਿਆਹ ਦੀ ਮਿਤੀ ਤੋਂ 30 ਦਿਨ ਬਾਅਦ ਤੱਕ ਨੂੰ ਵਧਾ ਕੇ 2 ਮਹੀਨੇ ਬਾਅਦ ਤੱਕ ਕਰ ਦਿੱਤਾ ਗਿਆ ਹੈ। ਇਸ ਨਵੇਂ ਕਦਮ ਨਾਲ ਹੁਣ ਯੋਗ ਪਰਿਵਾਰ ਨੂੰ ਸਕੀਮ ਤਹਿਤ ਅਪਲਾਈ ਕਰਨ ਲਈ ਹੋਰ ਸਮਾਂ ਮਿਲੇਗਾ। ਜਿਸ ਨਾਲ ਯੋਗ ਪਰਿਵਾਰ ਇਸ ਸਕੀਮ ਦਾ ਲਾਭ ਲੈਣ ਤੋਂ ਵਾਂਝੇ ਨਹੀਂ ਰਹਿਣਗੇ। ਇਸ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਦੱਸਿਆ ਕਿ ਕਿਉਂਕਿ ਅਸ਼ੀਰਵਾਦ ਸਕੀਮ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਿਤ ਹੈ, ਬਿਨੈਕਾਰ ਵਿਆਹ ਦੀਆਂ ਰਸਮਾਂ ਵਿੱਚ ਰੁੱਝੇ ਹੋਣ ਕਾਰਨ ਇਨ੍ਹਾਂ ਕੋਲ ਸਕੀਮ ਅਪਲਾਈ ਕਰਨ ਲਈ ਜ਼ਿਆਦਾ ਸਮਾਂ ਨਹੀਂ ਬਚਦਾ ਸੀ, ਪਹਿਲਾਂ ਦੀ ਸ਼ਰਤ ਅਨੁਸਾਰ ਵਿਆਹ ਦੀ ਮਿਤੀ ਤੋਂ ਬਾਅਦ ਅਪਲਾਈ ਕਰਨ ਦਾ ਸਮਾਂ 30 ਦਿਨ ਹੋਣ ਕਾਰਨ ਬਹੁਤ ਸਾਰੇ ਯੋਗ ਪਰਿਵਾਰ ਸਕੀਮ ਦਾ ਲਾਭ ਲੈਣ ਤੋਂ ਵਾਂਝੇ ਰਹਿ ਜਾਂਦੇ ਸਨ। ਲੋਕਾਂ ਦੀ ਇਸ ਸਮੱਸਿਆ ਦੇ ਹੱਲ ਲਈ ਹੁਣ ਸਰਕਾਰ ਵੱਲੋਂ ਅਪਲਾਈ ਕਰਨ ਦੀ ਸਮਾਂ ਸੀਮਾ ਵਧਾ ਕੇ ਵਿਆਹ ਦੀ ਮਿਤੀ ਤੋਂ 2 ਮਹੀਨੇ ਬਾਅਦ ਤੱਕ ਕਰਨ ਨਾਲ ਵੱਧ ਤੋਂ ਵੱਧ ਯੋਗ ਪਰਿਵਾਰ ਸਕੀਮ ਦਾ ਲਾਭ ਲੈ ਸਕਣਗੇ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਨਾਗਰਿਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਅਤੇ ਉਹਨਾਂ ਦਾ ਜੀਵਨ ਸੁਖਾਲਾ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਅਸ਼ੀਰਵਾਦ ਸਕੀਮ ਨੂੰ ਅਪਲਾਈ ਕਰਨ ਲਈ ਸਮਾਂ ਸੀਮਾ ਵਿੱਚ ਵਾਧਾ ਕਰਨਾ ਇਸੇ ਯਤਨ ਦਾ ਹਿੱਸਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਡੀ.ਐਮ. ਤੇ ਡੀ.ਐਸ.ਪੀ.ਦਿੜ੍ਹਬਾ ਵੱਲੋਂ ਸਰਪੰਚਾਂ, ਨੋਡਲ ਤੇ ਕਲੱਸਟਰ ਅਧਿਕਾਰੀਆਂ ਨਾਲ ਬੈਠਕ

## ਪਰਾਲੀ ਪ੍ਰਬੰਧਨ ਲਈ ਰਲਕੇ ਹੰਭਲਾ ਮਾਰਨ ਦੀ ਲੋੜ : ਰਾਜੇਸ਼ ਸ਼ਰਮਾ



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਸਬ ਡਵੀਜ਼ਨ ਦਿੜ੍ਹਬਾ ਦੇ ਐਸ.ਡੀ.ਐਮ ਸ੍ਰੀ ਰਾਜੇਸ਼ ਸ਼ਰਮਾ ਤੇ ਡੀ.ਐਸ.ਪੀ. ਰੁਪਿੰਦਰ ਕੌਰ ਬਾਜਵਾ ਵੱਲੋਂ ਅੱਜ ਸਬ ਡਵੀਜ਼ਨ ਦੇ ਪਿੰਡਾਂ ਦੇ ਸਰਪੰਚਾਂ, ਨੋਡਲ ਤੇ ਕਲੱਸਟਰ ਅਧਿਕਾਰੀਆਂ ਸਮੇਤ ਇਲਾਕੇ ਦੇ ਪਟਵਾਰੀਆਂ ਨਾਲ ਪਰਾਲੀ ਪ੍ਰਬੰਧਨ ਸਬੰਧੀ ਅਹਿਮ ਬੈਠਕ ਕੀਤੀ ਗਈ। ਐਸ.ਡੀ.ਐਮ. ਸ੍ਰੀ ਰਾਜੇਸ਼ ਸ਼ਰਮਾ ਨੇ ਸਰਪੰਚਾਂ ਨੂੰ ਇਸ ਜਾਗਰੂਕਤਾ ਮੁਹਿੰਮ ਵਿੱਚ ਮੋਹਰੀ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਪਿੰਡਾਂ ਦੇ ਪਤਵੰਤੇ ਅਹਿਮ ਰੋਲ ਦਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਪੰਚ ਆਪਣੇ ਪਿੰਡ ਦੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਨਵੀਨਤਮ ਤਕਨੀਕਾਂ ਅਪਣਾਉਣ ਲਈ ਅੱਗੇ ਆਉਣ ਦਾ ਸੱਦਾ ਦੇਣ। ਉਨ੍ਹਾਂ ਨੋਡਲ ਤੇ ਕਲੱਸਟਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ ਅਤੇ ਹਵਾ ਗੁਣਵੱਤਾ ਮੋਨੀਟਰਿੰਗ ਕਮਿਸ਼ਨ ਦੇ ਨਿਰਦੇਸ਼ਾਂ ਦੀ ਪਾਲਣਾ ਇੰਨ-ਬਿੰਨ ਤੇ ਸਖ਼ਤੀ ਨਾਲ ਕਰਨੀ ਯਕੀਨੀ ਬਣਾਈ ਜਾਵੇ। ਉਹਨਾਂ ਕਿਹਾ ਕਿ ਪਰਾਲੀ ਸਾੜਨ ਤੋਂ ਰੋਕਣ ਲਈ ਤਾਇਨਾਤ ਕੀਤੇ ਗਏ ਨੋਡਲ ਅਫ਼ਸਰ ਕੋਈ ਅਣਗਹਿਲੀ ਨਾ ਵਰਤਣ ਤੇ ਕਿਸਾਨਾਂ ਨੂੰ ਪ੍ਰੇਰਿਤ ਕਰਕੇ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਖੇਤਾਂ 'ਚ ਮਿਲਾਉਣ ਤੇ ਸੁਚੱਜੇ ਪਰਾਲੀ ਪ੍ਰਬੰਧਨ ਲਈ ਉਤਸ਼ਾਹਤ ਕਰਨ। ਉਹਨਾਂ ਨੇ ਇਹ ਵੀ ਹਦਾਇਤ ਕੀਤੀ ਕਿ ਸਬ ਡਵੀਜ਼ਨ ਦਿੜ੍ਹਬਾ ਵਿੱਚ ਕੋਈ ਵੀ ਕੰਬਾਇਨ ਬਿਨ੍ਹਾਂ ਸੁਪਰ ਐਸ.ਐਮ.ਐਸ. ਚਲਾਏ ਝੋਨੇ ਦੀ ਕਟਾਈ ਨਾ ਕਰੇ ਤੇ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਝੋਨੇ ਦੀ ਕੰਬਾਇਨ ਨਾਲ ਕਟਾਈ ਨਾ ਕਰਨ ਸਬੰਧੀ ਜਾਰੀ ਕੀਤੇ ਆਦੇਸ਼ਾਂ ਦੀ ਵੀ ਫ਼ੀਲਡ ਵਿਚ ਤਾਇਨਾਤ ਅਧਿਕਾਰੀ ਪਾਲਣਾ ਨੂੰ ਯਕੀਨੀ ਬਣਾਉਣ।

ਡੀ.ਐਸ.ਪੀ. ਰੁਪਿੰਦਰ ਕੌਰ ਬਾਜਵਾ ਨੇ ਕਿਹਾ ਕਿ ਪੁਲਿਸ ਵਿਭਾਗ ਪੂਰੀ ਤਰ੍ਹਾਂ ਚੌਕਸ ਹੈ ਤੇ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੀ ਮੁਹਿੰਮ ਵਿੱਢੀ ਗਈ ਹੈ। ਉਹਨਾਂ ਕਿਹਾ ਕਿ ਇਸ ਦਾ ਹੱਲ ਸਾਰਿਆਂ ਦੇ ਸਾਂਝੇ ਯਤਨਾਂ ਨਾਲ ਕੀਤਾ ਜਾ ਸਕਦਾ ਹੈ। ਉਹਨਾਂ ਇਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਨਾਲ ਪਰਾਲੀ ਦਾ ਨਿਪਟਾਰਾ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦੀ ਨਗਰ ਕੀਰਤਨ ਫ਼ਤਿਹ ਨਗਰ ਨਵੀਂ ਦਿੱਲੀ ਤੋਂ ਅਗਲੇ ਪੜਾਅ

# ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਹਰਿਆਣਾ ਲਈ ਹੋਇਆ ਰਵਾਨਾ





**ਨਵੀਂ ਦਿੱਲੀ, 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਦਿੱਲੀ ਤੋਂ ਸੰਗਤਾਂ ਦੀ ਹਾਜ਼ਰੀ 'ਚ ਅਗਲੇ ਪੜਾਅ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਹਰਿਆਣਾ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਕਥਾ ਵਿਚਾਰਾਂ ਕਰਦਿਆਂ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੇ ਸ਼ਹੀਦੀ ਸ਼ਤਾਬਦੀ ਦੇ ਸਮਾਗਮਾਂ ਸਮੇਂ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਪ੍ਰੇਰਣਾ ਵੀ ਕੀਤੀ। ਨਗਰ ਕੀਰਤਨ ਦੀ ਰਵਾਨਗੀ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ। ਅੱਜ ਇਹ ਨਗਰ ਕੀਰਤਨ ਹਰਿਆਣੇ 'ਚ ਦਾਖ਼ਲ ਹੋਇਆ, ਜਿਥੇ ਸੰਗਤਾਂ ਵੱਲੋਂ ਖ਼ਾਲਸਈ ਜਾਹੋ-ਜਲਾਲ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਭਾਈ ਪਰਮਜੀਤ ਸਿੰਘ ਵੀਰਜੀ, ਜਤਿੰਦਰ ਸਿੰਘ ਸੋਨੂੰ, ਗੁਰਮੀਤ ਸਿੰਘ ਫਿਲੀਪੀਨਸ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮਿੰਦਰ ਸਿੰਘ ਮਠਾਰੂ, ਸ. ਹਰਮਨਜੀਤ ਸਿੰਘ, ਮੀਤ ਸਕੱਤਰ ਸ. ਸੁਖਬੀਰ ਸਿੰਘ, ਵਧੀਕ ਮੈਨੇਜਰ ਸ. ਜਸਬੀਰ ਸਿੰਘ, ਸ. ਜਤਿੰਦਰ ਸਿੰਘ ਸੋਨੂੰ, ਸ. ਰਮਨਦੀਪ ਸਿੰਘ, ਸ. ਕਰਤਾਰ ਸਿੰਘ ਚਾਵਲਾ, ਸ. ਜਗਮੋਹਨ ਸਿੰਘ ਅਨੰਦ, ਸ. ਤਰਵਿੰਦਰਪਾਲ ਸਿੰਘ, ਸ. ਮਨਮੋਹਨ ਸਿੰਘ, ਸ. ਦਵਿੰਦਰ ਸਿੰਘ ਭਸੀਨ, ਸ. ਗੁਰਮੀਤ ਸਿੰਘ ਜੱਗੀ, ਸ. ਰਮਿੰਦਰਪਾਲ ਸਿੰਘ ਬਖ਼ਸ਼ੀ, ਸੁਪਰਵਾਈਜ਼ਰ ਸ. ਦਰਸ਼ਨ ਸਿੰਘ, ਸ. ਭੁਪਿੰਦਰ ਸਿੰਘ, ਸ. ਮੋਹਨਦੀਪ ਸਿੰਘ, ਸ. ਮਿਲਖਾ ਸਿੰਘ, ਸ. ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਸ. ਅਮਰਜੀਤ ਸਿੰਘ, ਸ. ਜਗਦੀਪ ਸਿੰਘ ਮਾਛੀਨੰਗਲ, ਸਿੱਖ ਮਿਸ਼ਨ ਦਿੱਲੀ ਦੇ ਇੰਚਾਰਜ ਸ. ਮਨਵੀਤ ਸਿੰਘ, ਸ. ਜਸਬੀਰ ਸਿੰਘ ਜੱਸੀ, ਸ. ਸੁਰਿੰਦਰਪਾਲ ਸਿੰਘ ਸਮਾਣਾ, ਸ. ਸਰਬਜੀਤ ਸਿੰਘ ਰਮਦਾਸ, ਪ੍ਰਚਾਰਕ ਭਾਈ ਪ੍ਰਭ ਸਿੰਘ, ਸੁਖਚੈਨ ਸਿੰਘ ਅਤਲਾ ਮੁੱਖ ਸੇਵਾਦਾਰ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਅਮ੍ਰਿਤਪਾਲ ਸਿੰਘ ਸਿੱਧੂ ਲੋਂਗੋਵਾਲ ਬਹਾਦਰ ਸਿੰਘ ਦੋਦੜਾ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਬਾਬਾ ਸੁਖਦੇਵ ਸਿੰਘ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕੁਰਸੀ ਲਾਉਣ ਉਪਰ ਕਾਰਵਾਈ ਦੀ ਮੰਗ: ਬਾਬਾ ਮਹਿਰਾਜ

# ਐਸਐਸਪੀ ਨੂੰ ਮੰਗ ਪੱਤਰ ਦੇ ਕੇ ਪੰਥਕ ਭਾਵਨਾਵਾਂ ਨੂੰ ਆਹਤ ਕਰਨ ਦਾ ਪਰਚਾ ਦਰਜ ਕਰਣ ਦੀ ਅਪੀਲ

**ਨਵੀਂ ਦਿੱਲੀ, 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਡੇਰਾ ਰੂਮੇਵਾਲਾ ਭੁੱਚੋ ਮੰਡੀ ਦੇ ਬਾਬਾ ਸੁਖਦੇਵ ਸਿੰਘ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕੁਰਸੀ ਲਾ ਕੇ ਬੈਠਣ ਦੀ ਵੀਡੀਓ ਵਾਇਰਲ ਹੋਈ ਜਿਸ ਤੇ ਸਿੱਖ ਆਗੂਆਂ ਵੱਲੋਂ ਸਖਤ ਇਤਰਾਜ਼ ਪ੍ਰਗਟਾਇਆ ਗਿਆ ਅੱਜ ਚ ਪ੍ਰਧਾਨੀ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਸਮੇਤ ਸਿੱਖ ਆਗੂਆਂ ਵੱਲੋਂ ਐਸਐਸਪੀ ਬਠਿੰਡਾ ਨੂੰ ਮੰਗ ਪੱਤਰ ਦਿੰਦੇ ਹੋਏ ਬਾਬਾ ਸੁਖਦੇਵ ਸਿੰਘ ਖਿਲਾਫ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਅਤੇ ਗੁਰੂ ਸਾਹਿਬ ਦੇ ਬਰਾਬਰ ਕੁਰਸੀ ਲਾ ਕੇ ਐਟ ਕੇ ਬੇਅਦਬੀ ਕਰਨ ਤੇ ਠੋਸ ਕਾਰਵਾਈ ਮੰਗੀ ਗਈ। ਜ਼ਿਕਰ ਯੋਗ ਹੈ ਕਿ ਬਾਬਾ ਸੁਖਦੇਵ ਸਿੰਘ ਡੇਰਾ ਮੁਖੀ ਡੇਰਾ ਰੂਮੀ ਵਾਲਾ ਭੁੱਚੋ ਮੰਡੀ ਦੀ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕੁਰਸੀ ਲਾ ਕੇ ਬੈਠਣ ਦੀ ਵੀਡੀਓ ਵਾਇਰਲ ਹੋਈ ਸੀ ਜਿਸ ਤੇ ਸਿੱਖ ਸੰਸਥਾਵਾਂ ਅਤੇ ਸਿੱਖ ਆਗੂਆਂ ਵੱਲੋਂ ਸਖਤ ਰੋਸ ਪ੍ਰਗਟਾਇਆ ਗਿਆ ਪ੍ਰੰਤੂ ਹੈਰਾਨਗੀ ਦੀ ਗੱਲ ਹੈ ਕਿ ਇਸ ਮਾਮਲੇ ਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬਾਨ ਦਾ ਕੋਈ ਐਕਸ਼ਨ ਸਾਹਮਣੇ ਨਹੀਂ ਆਇਆ ਨਾ ਹੀ ਹਾਲੇ ਤੱਕ ਡੇਰਾ ਮੁਖੀ ਬਾਬਾ ਸੁਖਦੇਵ ਸਿੰਘ ਦਾ ਖੁਦ ਦਾ ਕੋਈ ਪੱਖ ਸਾਹਮਣੇ ਆਇਆ ਹੈ। ਪ੍ਰੰਤੂ ਅੱਜ ਸਿੱਖ ਆਗੂਆਂ ਵੱਲੋਂ ਐਸਐਸਪੀ ਨੂੰ ਮੰਗ ਪੱਤਰ ਦੇ ਕੇ ਕਾਰਵਾਈ ਮੰਗੀ ਗਈ ਹੈ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਕਿਹਾ ਕਿ ਡੇਰਾ ਰੂਮੀ ਵਾਲਾ ਦੇ ਮੁਖੀ ਸੁਖਦੇਵ ਸਿੰਘ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਬਰਾਬਰ ਕੁਰਸੀ ਲਾ ਕੇ ਬੈਠਣਾ ਬਹੁਤ ਹੀ ਨਿੰਦਣਯੋਗ ਅਤੇ ਭਾਵਨਾਵਾਂ ਨੂੰ ਆਹਤ ਕਰਨ ਦੀ ਕਾਰਵਾਈ ਹੈ ਜੋ ਬੱਜਰ ਗੁਨਾਹ ਹੈ ਜਿਸ ਲਈ ਸੁਖਦੇਵ ਸਿੰਘ ਤੇ ਭਾਵਨਾਵਾਂ ਨੂੰ ਆਹਤ ਕਰਨ ਦਾ ਪਰਚਾ ਦਰਜ ਹੋਣਾ ਚਾਹੀਦਾ ਹੈ ਉਹਨਾਂ ਹੈਰਾਨਗੀ ਪ੍ਰਗਟਾਈ ਕਿ ਇਹ ਮਾਮਲਾ ਤੇਜੀ ਨਾਲ ਵਾਇਰਲ ਹੋਣ ਦੇ ਬਾਵਜੂਦ ਇਸ ਮਾਮਲੇ ਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀ ਕੋਈ ਕਾਰਵਾਈ ਸਾਹਮਣੇ ਨਹੀਂ ਆਈ ਜਦੋਂ ਕਿ ਉਹਨਾਂ ਨੂੰ ਚਾਹੀਦਾ ਹੈ ਕਿ ਉਹ ਤੁਰੰਤ ਬਾਬਾ ਸੁਖਦੇਵ ਸਿੰਘ ਖਿਲਾਫ ਕਾਰਵਾਈ ਕਰਨ ਉਹਨਾਂ ਇਹ ਵੀ ਕਿਹਾ ਕਿ ਜੇਕਰ ਇਸ ਮਾਮਲੇ ਤੇ ਡੇਰਾ ਮੁਖੀ ਵੱਲੋਂ ਮੁਆਫੀ ਨਾ ਮੰਗੀ ਗਈ ਤਾਂ ਆਉਂਦੇ ਦਿਨਾਂ ਵਿੱਚ ਸਿੱਖ ਸੰਸਥਾਵਾਂ ਅਤੇ ਸਿੱਖ ਸੰਗਤਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।



# ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਜੀਵਨ ਸਿੰਘ ਵਾਲਾ ਦੀ ਅਨਾਜ ਮੰਡੀ ਦਾ ਦੌਰਾ, ਕਿਸਾਨਾਂ ਨਾਲ ਕੀਤੀ ਮੁਲਾਕਾਤ





**ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਸੂਬੇ ਦੀਆਂ ਅਨਾਜ ਮੰਡੀਆਂ ਚ ਚੱਲ ਰਹੀ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਿੱਥੇ ਸੱਤਾਧਿਰ ਆਗੂ ਜਾਇਜ਼ਾ ਲੈਂਦੇ ਦਿਖਾਈ ਦਿੰਦੇ ਹਨ ਉੱਥੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਵੀ ਅੱਜ ਉਪ ਮੰਡਲ ਦੇ ਪਿੰਡ ਜੀਵਨ ਸਿੰਘ ਵਾਲਾ ਦੀ ਅਨਾਜ ਮੰਡੀ ਦਾ ਦੌਰਾ ਕਰਦਿਆਂ ਜਿੱਥੇ ਖਰੀਦ ਲਈ ਕੀਤੇ ਪ੍ਰਬੰਧਾਂ ਬਾਬਤ ਜਾਣਿਆ ਉੱਥੇ ਮੰਡੀ 'ਚ ਫਸਲ ਲੈ ਕੇ ਆਏ ਕਿਸਾਨਾਂ ਨਾਲ ਵੀ ਮੁਲਾਕਾਤ ਕੀਤੀ ।ਹਲਕੇ ਦੇ ਪਿੰਡਾਂ ਦੇ ਕੀਤੇ ਜਾ ਰਹੇ ਦੌਰੇ ਦੌਰਾਨ ਗੁਰਬਾਜ਼ ਸਿੰਘ ਸਿੱਧੂ ਨੇ ਪਹਿਲਾਂ ਤਲਵੰਡੀ ਸਾਬੋ ਪੁੱਜ ਕਾਂਗਰਸ ਦੇ ਸਾਬਕਾ ਕੌਂਸਲਰ ਮੰਗੂ ਸਿੰਘ ਦੇ ਘਰ ਪੁੱਜ ਉਨਾਂ ਦੇ ਪਿਤਾ ਮਹਿੰਦਰ ਸਿੰਘ ਮੈਂਬਰ ਕੋਆਪ੍ਰੇਟਿਵ ਸੁਸਾਇਟੀ ਦੇ ਅਕਾਲ ਚਲਾਣੇ ਤੇ ਦੁੱਖ ਵੰਡਾਇਆ ਉੱਥੇ ਜੀਵਨ ਸਿੰਘ ਵਾਲਾ ਦੀ ਅਨਾਜ ਮੰਡੀ ਚ ਪਹੁੰਚਕੇ ਕਿਸਾਨਾਂ ਨਾਲ ਮੁਲਾਕਾਤ ਕਰਦਿਆਂ ਉਨਾਂ ਨੂੰ ਫਸਲ ਵੇਚਣ ਸਮੇਂ ਆ ਰਹੀਆਂ ਮੁਸ਼ਿਕਲਾਂ ਅਤੇ ਖਰੀਦ ਨਾਲ ਸਬੰਧਿਤ ਕਈ ਹੋਰ ਮਾਮਲਿਆਂ ਬਾਰੇ ਜਾਣਕਾਰੀ ਹਾਸਿਲ ਕੀਤੀ। ਦੌਰੇ ਉਪਰੰਤ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਜੀਵਨ ਸਿੰਘ ਵਾਲਾ ਦੇ ਕਿਸਾਨਾਂ ਨੇ ਦੱਸਿਆ ਕਿ ਅਨਾਜ ਮੰਡੀ ਦਾ ਸਾਰਾ ਫੜ੍ਹ ਪੱਕਾ ਨਾ ਹੋਣ ਕਾਰਣ ਮਜ਼ਬੂਰੀ ਵੱਸ ਉਨਾਂ ਨੂੰ ਆਪਣੀ ਸੋਨੇ ਵਰਗੀ ਫਸਲ ਕੱਚੇ ਫੜ੍ਹ ਵਾਲੀ ਥਾਂ 'ਤੇ ਰੱਖਣੀ ਪੈ ਰਹੀ ਹੈ। ਸਿੱਧੂ ਮੁਤਾਬਿਕ ਕਿਸਾਨਾਂ ਨੇ ਮੰਗ ਕੀਤੀ ਕਿ ਮੰਡੀ ਦਾ ਸਾਰਾ ਫੜ੍ਹ ਹੀ ਪੱਕਾ ਕਰਵਾਇਆ ਜਾਵੇ ਜਿਸਤੇ ਉਨਾਂ ਨੂੰ ਯਕੀਨ ਦਵਾਇਆ ਹੈ ਕਿ ਉਹ ਇਹ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ 'ਚ ਲਿਆਉਣਗੇ ਅਤੇ ਜੇਕਰ ਹੱਲ ਨਾ ਹੋਇਆ ਤਾਂ ਕਾਂਗਰਸ ਦੀ ਸਰਕਾਰ ਬਨਣ ਤੇ ਇਹ ਕੰਮ ਪਹਿਲ ਦੇ ਆਧਾਰ ਤੇ ਕਰਵਾਇਆ ਜਾਵੇਗਾ। ਸਿੱਧੂ ਨਾਲ ਸੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ, ਕ੍ਰਿਸ਼ਨ ਯਾਦਵ, ਦਰਸ਼ਨ ਗਿੱਲ, ਅੰਮ੍ਰਿਤਪਾਲ ਸਿੰਘ ਜੀਵਨ ਸਿੰਘ ਵਾਲਾ, ਗੁਲਾਬ ਕੈਲੇਵਾਂਦਰ ਆਦਿ ਆਗੂ ਮੌਜੂਦ ਸਨ।

# ਪਿੰਡ ਘੋਨੇਵਾਲ ਵਿਖੇ ਰਾਵੀ ਦਰਿਆ ਦੇ ਤੀਜੇ ਬੰਨ੍ਹ ਦਾ 285 ਫੁੱਟ ਲੰਮਾ 68 ਫੁੱਟ ਡੂੰਘਾ ਪਾੜ ਪੂਰਿਆ ਗਿਆ

**ਸਰਹਾਲੀ ਸਾਹਿਬ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇਸ ਸਾਲ ਪੰਜਾਬ ਭਰ ਵਿਚ ਆਏ ਹੜ੍ਹਾਂ ਦੌਰਾਨ ਅਗਸਤ ਮਹੀਨੇ ਦੇ ਅਖੀਰਲੇ ਹਫਤੇ ਰਾਵੀ ਦਰਿਆ ਕਈ ਥਾਵਾਂ ਤੋਂ ਟੁੱਟ ਗਿਆ ਸੀ, ਜਿਸ ਨਾਲ ਅਜਨਾਲਾ, ਰਮਦਾਸ ਅਤੇ ਡੇਰਾ ਬਾਬਾ ਨਾਨਕ ਦੇ ਇਲਾਕੇ ਬੁਰੀ ਤਰ੍ਹਾਂ ਹੜ੍ਹ ਗ੍ਰਸਤ ਹੋ ਗਏ ਸਨ। ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਦੀ ਅਗਵਾਈ ਵਿਚ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਰਾਵੀ ਦਰਿਆ ਦੇ ਟੁੱਟੇ ਬੰਨ੍ਹ 'ਤੇ ਪਹਿਲਾਂ ਸਤੰਬਰ ਮਹੀਨੇ ਵਿਚ ਦੋ ਪਾੜ ਪੂਰੇ ਸਨ। ਇਸ ਤੋਂ ਬਾਅਦ ਤੀਜਾ ਪਾੜ ਪੂਰਨ ਲਈ 25 ਸਤੰਬਰ ਨੂੰ ਅਰਦਾਸ ਕਰਕੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਸੇਵਾ ਆਰੰਭ ਕੀਤੀ ਸੀ, ਜੋ 31 ਦਿਨ ਨਿਰੰਤਰ ਜਾਰੀ ਰਹੀ। ਵੱਖ ਵੱਖ ਨਗਰਾਂ ਤੋਂ ਸੰਗਤ ਨੇ ਇਸ ਸੇਵਾ ਵਿਚ ਹਾਜ਼ਰੀ ਭਰੀ। ਚਲਦੀ ਸੇਵਾ ਦੌਰਾਨ ਗੁਰੂ ਕੇ ਲੰਗਰ ਅਤੁੱਟ ਵਰਤਦੇ ਰਹੇ। ਅੱਜ ਇਸ ਸੇਵਾ ਦੀ ਸੰਪੂਰਨਤਾ ਹੋਈ। ਇਸ ਸਮੇਂ ਸੰਗਤ ਦਾ ਵੱਡਾ ਇਕੱਠ ਸੀ। ਵਾਹਿਗੁਰੂ ਦੇ ਸ਼ੁਕਰਾਨੇ ਵਜੋਂ ਬੰਨ੍ਹ ਤੇ ਦੀਵਾਨ ਸੱਜਿਆ ਅਤੇ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕੀਰਤਨ ਰਾਹੀਂ ਹਾਜ਼ਰੀ ਭਰੀ। ਇਸ ਮੌਕੇ ਭਾਈ ਗੁਰਬਚਨ ਸਿੰਘ ਸਭਰਾ ਅਤੇ ਭਾਈ ਮੇਹਰ ਸਿੰਘ ਸਭਰਾ ਦੇ ਜਥੇ ਨੇ ਵੀ ਕੀਰਤਨ ਰਾਹੀ ਅਤੇ ਗਿਆਨੀ ਕਰਤਾਰ ਸਿੰਘ ਕਿਰਤੀ ਦੇ ਜਥੇ ਨੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਹਰਿ ਜੱਸ ਸ੍ਰਵਣ ਕਰਾਇਆ। ਭਰੇ ਇਕੱਠ ਵਿਚ ਇਲਾਕੇ ਦੀਆਂ ਪੰਚਾਇਤਾਂ ਅਤੇ ਮੁਹਤਬਰਾਂ ਵੱਲੋਂ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਸਨਮਾਨ ਕੀਤਾ ਗਿਆ। ਅਕਾਲਪੁਰਖ ਦਾ ਸ਼ੁਕਰਾਨਾ ਕਰਦਿਆਂ ਸੰਗਤ ਨੇ ਖੁਸ਼ੀ ਵਿਚ ਬੁਲੰਦ ਅਵਾਜ਼ ਨਾਲ 'ਸਤਿ ਸ੍ਰੀ ਅਕਾਲ' ਦੇ ਜੈਕਾਰੇ ਲਾਏ ਤੇ ਆਤਿਸ਼ਬਾਜ਼ੀ ਵੀ ਕੀਤੀ ਗਈ। ਇਸ ਮੌਕੇ ਬੋਲਦਿਆਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਆਖਿਆ ਕਿ ਇਸ ਬੰਨ੍ਹ ਲੰਬਾਈ 285 ਫੁੱਟ ਅਤੇ ਡੂੰਘਾਈ 68 ਫੁੱਟ ਤਕ ਸੀ। ਇਥੇ ਇਕ ਮਹੀਨਾ ਲਗਾਤਾਰ ਸੇਵਾ ਚੱਲੀ ਹੈ ਅਤੇ ਸੰਗਤਾਂ ਨੇ ਬਹੁਤ ਉਤਸ਼ਾਹ ਨਾਲ ਸੇਵਾ ਕੀਤੀ ਹੈ। ਪ੍ਰਸ਼ਾਸ਼ਨ ਨੇ ਵੀ ਇਸ ਸੇਵਾ ਵਿਚ ਬਹੁਤ ਸਹਿਯੋਗ ਕੀਤਾ ਹੈ। ਅਸੀਂ ਸਮੂਹ ਸੰਗਤਾਂ ਅਤੇ ਸਮੁੱਚੇ ਪ੍ਰਸ਼ਾਸ਼ਨ ਦਾ ਧੰਨਵਾਦ ਕਰਦੇ ਹਾਂ। ਉਹਨਾਂ ਦੱਸਿਆ ਕਿ ਸੰਪਰਦਾਇ ਵੱਲੋਂ ਰਮਦਾਸ ਇਲਾਕੇ ਵਿਚ ਹੜ੍ਹ ਪੀੜਤ ਕਿਸਾਨਾਂ ਨੂੰ ਖਾਦ ਤੇ ਬੀਜ ਵੰਡਣ ਦੀ ਸੇਵਾ ਚੱਲ ਰਹੀ ਹੈ। ਇਸ ਦੇ ਨਾਲ ਹੀ ਡੇਰਾ ਬਾਬਾ ਨਾਨਕ ਅਤੇ ਬਾਊਪੁਰ ਜਦੀਦ (ਸੁਲਤਾਨਪੁਰ ਲੋਧੀ) ਵਿਖੇ ਬੰਨ੍ਹ ਬੰਨਣ ਦੀਆਂ ਸੇਵਾਵਾਂ ਚੱਲ ਰਹੀਆਂ ਹਨ।" ਇਸ ਮੌਕੇ ਇਲਾਕੇ ਦੇ ਮੁਹਤਬਰਾਂ ਨੇ ਬਾਬਾ ਜੀ ਤੋਂ ਇਸ ਇਲਾਕੇ ਲਈ ਇਕ ਸਕੂਲ ਅਤੇ ਕਾਲਜ ਖੋਲਣ ਦੀ ਮੰਗ ਕੀਤੀ ਤਾਂ ਬਾਬਾ ਜੀ ਨੇ ਪ੍ਰਵਾਨਗੀ ਦੇ ਦਿੱਤੀ। ਇਸ ਇਕੱਠ ਵਿਚ ਸ. ਗੁਰਵਿੰਦਰ ਸਿੰਘ ਸੰਧੂ ਮੰਦਰਾਂਵਾਲਾ, ਜਤਿੰਦਰਪਾਲ ਸਿੰਘ (ਸਾਬਕਾ ਸਰਪੰਚ) ਮੰਦਰਾਂਵਾਲਾ, ਜਤਿੰਦਰਪਾਲ ਸਿੰਘ ਫੌਜੀ ਮੰਦਰਾਂਵਾਲਾ, ਕੋਹਲੀ ਮੰਦਰਾਂਵਾਲਾ, ਰਜਿੰਦਰਪਾਲ ਸਿੰਘ ਮੰਦਰਾਂਵਾਲਾ, ਰੁਪਿੰਦਰ ਸਿੰਘ ਸਾਬਕਾ ਸਰਪੰਚ ਭਗਵਾਨਪੁਰ, ਉਪਕਾਰ ਸਿੰਘ ਭਗਵਾਨਪੁਰ, ਹਰਵਿੰਦਰ ਸਿੰਘ ਲੰਬੜਦਾਰ ਪੰਡੋਰੀ, ਬਾਬਾ ਜੱਸ ਪੰਡੋਰੀ, ਸੁਖਜੀਤ ਸਿੰਘ ਸਾਬਕਾ ਸਰਪੰਚ ਮਾਛੀਵਾਲ, ਅਮਨਦੀਪ ਸਿੰਘ ਕੰਬੋਜ ਮਾਛੀਵਾਲ, ਅਕਾਸ਼ਦੀਪ ਸਿੰਘ ਮਾਛੀਵਾਲ, ਗੁਰਮੁਖ ਸਿੰਘ ਮਾਛੀਵਾਲ, ਪਰਮਜੀਤ ਸਿੰਘ ਸਾਬਕਾ ਸਰਪੰਚ ਘੋਨੇਵਾਲ, ਹਰਦੇਵ ਸਿੰਘ ਸਰਪੰਚ ਕਤਲਾ, ਡਾ. ਗੁਰਮੇਜ ਸਿੰਘ ਧੰਗਲੀ, ਪੂਰਨ ਸਿੰਘ ਧੰਗਲੀ ਸਾਬਕਾ ਸਰਪੰਚ, ਗੁਰਪ੍ਰੀਤ ਸਿੰਘ ਅਬਾਦੀ ਚੰਡੀਗੜ੍ਹ, ਚਰਨਜੀਤ ਸਿੰਘ ਆਬਾਦੀ ਚੰਡੀਗੜ੍ਹ, ਵਿੱਕੀ ਕੰਬੋਜ ਕੋਟ ਗੁਰਬਖਸ਼, ਗੁਰਪ੍ਰੀਤ ਪੱਟੀ ਰਮਦਾਸ, ਮਨਜੀਤ ਸਿੰਘ ਕੋਟਲੀ ਸ਼ਾਹ ਹਬੀਬ, ਗੁਰਜੀਤ ਸਿੰਘ ਲੰਬੜਦਾਰ ਪਸ਼ੀਆ, ਸਕੱਤਰ ਸਿੰਘ ਘੋਨੇਵਾਲ, ਤਰਸੇਮ ਸਿੰਘ ਘੋਨੇਵਾਲ, ਸੰਦੀਪ ਸਿੰਘ ਮਾਛੀਵਾਲ, ਰਾਜਵੀਰ ਸਿੰਘ ਸਾਬਕਾ ਸਰਪੰਚ ਬਾਉਲੀ, ਰਾਜ ਕਰਨ ਸਿੰਘ ਸਾਬਕਾ ਸਰਪੰਚ ਬਾਉਲੀ, ਜੱਜ ਰਮਦਾਸ, ਲਖਬੀਰ ਸਿੰਘ ਲੰਬੜਦਾਰ ਮੰਦਰਾਂਵਾਲਾ, ਗੁਰਮੇਜ ਸਿੰਘ ਝੁੱਗੀਆਂ, ਸੋਹਣ ਸਿੰਘ ਕੋਟਲੀ, ਪ੍ਰਭਜੀਤ ਸਿੰਘ ਮਾਨਾਂਵਾਲਾ ਅਤੇ ਹੋਰ ਕਈ ਮੁਹਤਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM

## ਆਲ ਇੰਡੀਆ ਇੰਟਰ ਯੂਨੀਵਰਸਿਟੀ ਤੀਰਅੰਦਾਜ਼ੀ ਚੈਂਪੀਅਨਸ਼ਿਪ 2025-26

# ਜੀ.ਕੇ.ਯੂ. ਦੇ ਤੀਰਅੰਦਾਜ਼ ਪਾਰਥ ਸੁਸ਼ਾਂਤ ਸੋਲੰਕੇ ਨੇ 03 ਸੋਨ, 01 ਚਾਂਦੀ ਦਾ ਤਗਮਾ ਜਿੱਤ ਕੇ ਰਚਿਆ ਇਤਿਹਾਸ



ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਚੱਲ ਰਹੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਤੀਰਅੰਦਾਜ਼ੀ (ਲੜਕੇ ਅਤੇ ਲੜਕੀਆਂ) ਦੀ ਚੈਂਪੀਅਨਸ਼ਿਪ 2025-26 ਦੇ ਪਹਿਲੇ ਪੜਾਅ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀਆਂ ਤੀਰਅੰਦਾਜ਼ਾਂ ਹਰਪ੍ਰੀਤ ਕੌਰ, ਰਿੱਧੀ, ਸੋਨੂੰ ਅਤੇ ਤਨੀਸ਼ਾ ਵਰਮਾ ਦੀ ਟੀਮ ਨੇ ਰਿਕਰਵ ਵੁਮੈਨ ਟੀਮ ਈਵੈਂਟ ਵਿੱਚ6-0 ਦੇ ਅੰਕਾਂ ਨਾਲ ਸੋਨ ਤਗਮੇ ਤੇ ਨਿਸ਼ਾਨਾ ਲਾਇਆ ਜਦ ਕਿ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਦੀਵਾਂਗ ਗੁਪਤਾ, ਕੇਸ਼ਵ ਰਾਜੋਰੀਆ, ਗੋਲਡੀ ਮਿਸ਼ਰਾ ਤੇ ਆਦਿਤਆ ਚੌਧਰੀ ਨੇ 5-3 ਦੇ ਅੰਕਾਂ ਨਾਲ ਰਿਕਰਵ ਮੈਨ ਟੀਮ ਈਵੈਂਟ ਦਾ ਸੋਨ ਤਗਮਾ ਫੁੰਡਿਆ।



ਪਹਿਲੇ ਪੜਾਅ ਦੇ ਮੈਡਲ ਸੈਰੇਮਨੀ ਵਿੱਚ ਓਲੰਪੀਅਨ ਹਰਵੰਤ ਕੌਰ ਐਸ.ਪੀ.ਹੈੱਡ ਕੁਆਰਟਰ ਸ਼੍ਰੀ ਫਤਿਹਗੜ੍ਹ ਸਾਹਿਬ ਨੇ ਜੇਤੂ ਟੀਮ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ। ਇਸ ਮੌਕੇ ਅੰਤਰ ਰਾਸ਼ਟਰੀ ਬਾਸਕੇਟਬਾਲ ਕੋਚ ਪ੍ਰੋ. ਦਰਸ਼ਨ ਸਿੰਘ ਸੰਧੂ ਭਾਰਤ ਦੀ ਹਾਕੀ ਟੀਮ ਦੇ ਸਾਬਕਾ ਕੋਚ ਹਰਬੰਸ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਮੈਡਲ ਸੈਰੇਮਨੀ ਵਿੱਚ ਵਾਈਸ ਚਾਂਸਲਰ ਪ੍ਰੋ.(ਡਾ.) ਰਾਮੇਸ਼ਵਰ ਸਿੰਘ, ਆਰਚਰੀ ਐਸੋਸਿਏਸ਼ਨ ਆਫ਼ ਇੰਡੀਆ ਦੇ ਅਧਿਕਾਰੀ ਅਤੇ ਨਾਮਵਰ ਖਿਡਾਰੀਆਂ ਨੇ ਵੀ ਸ਼ਿਰਕਤ ਕੀਤੀ। ਮੈਡਲ ਸੈਰੇਮਨੀ ਦੇ ਮੁੱਖ ਮਹਿਮਾਨ ਹਰਵੰਤ ਕੌਰ ਨੇ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਖੇਡ ਮੁਕਾਬਲੇ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਵਿਦਿਆਰਥੀ ਅਨੁਸ਼ਾਸਨ, ਸਮੇਂ ਦੀ ਮਹੱਤਤਾ ਅਤੇ ਟੀਮ ਭਾਵਨਾ ਵਿੱਚ ਰਹਿਣਾ ਸਿੱਖਦੇ ਹਨ। ਉਨ੍ਹਾਂ ਸਮੂਹ ਜੇਤੂਆਂ, ਆਯੋਜਕਾਂ ਅਤੇ ਪ੍ਰਤੀਯੋਗੀਆਂ ਨੂੰ ਵਧਾਈ ਦਿੱਤੀ। ਵਿਸ਼ੇਸ਼ ਮਹਿਮਾਨ ਪ੍ਰੋ.ਸੰਧੂ ਨੇ ਚੈਂਪੀਅਨਸ਼ਿਪ ਵਿੱਚ ਲੜਕੀਆਂ ਦੀ ਭਾਗੀਦਾਰੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਭਾਵੇਂ ਵਿਦੇਸ਼ ਵਿੱਚ ਰਹਿੰਦੇ ਹਨ, ਪਰ ਖੇਡਾਂ ਨੂੰ ਹੁਲਾਰਾ ਦੇਣ ਅਤੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਉਹ ਹਰ ਤਰ੍ਹਾਂ ਦੇ ਸਹਿਯੋਗ ਲਈ ਤਤਪਰ ਹਨ। ਉਨ੍ਹਾਂ ਖਿਡਾਰੀਆਂ ਨੂੰ ਆਪਣੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਆਧੁਨਿਕ ਖੇਡ ਤਕਨੀਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਆ। ਵਾਈਸ ਚਾਂਸਲਰ ਡਾ. ਸਿੰਘ ਨੇ ਸਵਾਗਤੀ ਭਾਸ਼ਣ ਵਿੱਚ ਜੀ.ਕੇ.ਯੂ. ਵੱਲੋਂ ਇਲਾਕੇ ਦੇ ਖਿਡਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਖੇਡ ਸਹੂਲਤਾਂ ਅਤੇ ਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਵਰਸਿਟੀ ਹੁਣ ਅੰਤਰ-ਰਾਸ਼ਟਰੀ ਖੇਡ ਮੁਕਾਬਲਿਆਂ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਚੈਂਪੀਅਨਸ਼ਿਪ ਦੇ ਸ਼ਾਨਦਾਰ ਆਯੋਜਨ ਲਈ ਆਰਚਰੀ ਐਸੋਸਿਏਸ਼ਨ ਆਫ਼ ਇੰਡੀਆ ਅਤੇ ਡਾਇਰੈਕਟੋਰੇਟ ਆਫ਼ ਸਪੋਰਟਸ ਦੀ ਸ਼ਲਾਘਾ ਕੀਤੀ। ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਅਨੁਸਾਰ ਚੈਂਪੀਅਨਸ਼ਿਪ ਦੇ ਪਹਿਲੇ ਪੜਾਅ ਦੇ ਨਤੀਜੇ ਇਸ ਤਰ੍ਹਾਂ ਹਨ- ਰਿਕਰਵ ਮੈਨ 70 ਮੀਟਰ (।) ਵਿੱਚ ਪਾਰਥ ਸੋਲੰਕੇ ਨੇ ਸੋਨ, ਮਿਰਨਾਲ ਚੌਹਾਨ ਨੇ ਚਾਂਦੀ, ਅਕਾਸ਼ ਨੇ, ਰਿਕਰਵ ਮੈਨ 70 ਮੀਟਰ (।।) ਵਿੱਚ ਆਰਯਨ ਰਾਨਾ ਨੇ ਸੋਨ, ਪਾਰਥ ਸੋਲੰਕੇ ਨੇ ਚਾਂਦੀ, ਰਾਮਪਾਲ ਚੌਧਰੀ ਨੇ ਕਾਂਸੀ, ਰਿਕਰਵ ਵੁਮੈਨ 70 ਮੀਟਰ (।) ਵਿੱਚ ਹਰਪ੍ਰੀਤ ਕੌਰ ਨੇ ਸੋਨ, ਰੀਆ ਤਿਵਾਤੀਆ ਨੇ ਚਾਂਦੀ, ਜਾਨਵੀ ਨੇ ਕਾਂਸੀ, ਰਿਕਰਵ ਵੁਮੈਨ 70 ਮੀਟਰ (।।) ਵਿੱਚ ਹਰਪ੍ਰੀਤ ਕੌਰ ਨੇ ਸੋਨ, ਮਾਧਵੀ ਚੌਹਾਨ ਨੇ ਚਾਂਦੀ, ਸ਼੍ਰਿਸ਼ਟੀ ਜੈਸਵਾਲ ਨੇ ਕਾਂਸੀ , ਰਿਕਰਵ ਵੁਮੈਨ ਓਵਰਆਲ ਰੈਂਕਿੰਗ ਵਿੱਚ ਹਰਪ੍ਰੀਤ ਕੌਰ ਨੇ ਸੋਨ, ਮਾਧਵੀ ਚੌਹਾਨ ਨੇ ਚਾਂਦੀ, ਪਵਾਰ ਰੁਟੁਜਾ ਨੇ ਕਾਂਸੀ, ਰਿਕਰਵ ਮੈਨ ਓਵਰਆਲ ਰੈਂਕਿੰਗ ਵਿੱਚ ਪਾਰਥ ਸੋਲੰਕੇ ਨੇ ਸੋਨ, ਮਿਰਨਾਲ ਚੌਹਾਨ ਨੇ ਚਾਂਦੀ, ਰਾਮਪਾਲ ਚੌਧਰੀ ਨੇ ਕਾਂਸੀ, ਰਿਕਰਵ ਵੁਮੈਨ ਇੰਡੀਵਿਜੂਅਲ ਇਲਮੀਨੇਸ਼ਨ ਵਿੱਚ ਮਾਧਵੀ ਚੌਹਾਨ ਨੇ ਸੋਨ, ਕਲਪਨਾ ਨੇ ਚਾਂਦੀ, ਦਿਕਸ਼ੂ ਨੇ ਕਾਂਸੀ ਰਿਕਰਵ ਮੈਨ ਇੰਡੀਵਿਜੂਅਲ ਇਲਮੀਨੇਸ਼ਨ ਵਿੱਚ ਦਕਸ਼ ਮਲਿਕ ਨੇ ਸੋਨ, ਗੋਲਡੀ ਮਿਸ਼ਰਾ ਨੇ ਚਾਂਦੀ, ਅਕਾਸ਼ ਨੇ ਕਾਂਸੀ ਅਤੇ ਰਿਕਰਵ ਮਿਕਸ ਟੀਮ ਵਿੱਚ ਦੀਵਾਂਗ ਗੁਪਤਾ ਤੇ ਅਨਿਸ਼ਕਾ ਕੁਮਾਰੀ ਦੀ ਟੀਮ ਨੇ ਸੋਨ, ਪਾਰਥ ਸੋਲੰਕੇ ਤੇ ਭਜਣ ਕੌਰ ਦੀ ਟੀਮ ਨੇ ਚਾਂਦੀ ਅਤੇ ਜਸਕੀਰਤ ਸੇਖੋਂ ਤੇ ਹਰਪ੍ਰੀਤ ਕੌਰ ਦੀ ਟੀਮ ਨੇ ਕਾਂਸੀ ਦਾ ਤਗਮਾ ਜਿੱਤਿਆ। ਉਨ੍ਹਾਂ ਇਹ ਵੀ ਦੱਸਿਆ ਕਿ ਮਿਤੀ 31 ਅਕਤੂਬਰ ਨੂੰ ਹੋਣ ਵਾਲੇ ਮੈਡਲ ਸੈਰੇਮਨੀ ਵਿੱਚ ਭਾਰਤ ਦੇ ਨਾਮਵਰ ਖਿਡਾਰੀ, ਓਲੰਪੀਅਨ, ਦਰੋਣਾਚਾਰਿਆ ਅਵਾਰਡੀ, ਅਰਜੁਣ ਅਵਾਰਡੀ ਕੋਚ ਅਤੇ ਏ.ਏ.ਆਈ.ਯੂ. ਦੇ ਅਧਿਕਾਰੀ ਸ਼ਿਰਕਤ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਬਿਜ਼ਨਸ ਸਟੱਡੀਜ਼ ਵਿਭਾਗ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ

# ਤਲਵੰਡੀ ਸਾਬੋ ਦੇ ਵਿਦਿਆਰਥੀਆਂ ਦਾ ਉਦਯੋਗਿਕ ਦੌਰਾ



**ਤਲਵੰਡੀ ਸਾਬੋ, 27 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਕੈਂਪਸ, ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਨੇ ਵਿਦਿਆਰਥੀਆਂ ਨੂੰ ਉਦਯੋਗਿਕ ਅਭਿਆਸਾਂ ਤੋਂ ਜਾਣੂ ਕਰਵਾਉਣ ਲਈ ਇੱਕ ਉਦਯੋਗਿਕ ਦੌਰੇ ਦਾ ਆਯੋਜਨ ਕੀਤਾ। ਵਿਭਾਗ ਦੇ ਐਮ.ਬੀ.ਏ., ਐਮ.ਕਾਮ., ਬੀਬੀਏ ਅਤੇ ਬੀ.ਕਾਮ. ਕੋਰਸਾਂ ਦੇ ਵਿਦਿਆਰਥੀਆਂ ਨੇ ਬਠਿੰਡਾ ਜ਼ਿਲ੍ਹੇ ਦੇ ਜੀਦਾ ਸਥਿਤ ਸਪੋਰਟਕਿੰਗ ਇੰਡਸਟਰੀਜ਼ ਦਾ ਦੌਰਾ ਕੀਤਾ। ਸਪੋਰਟਕਿੰਗ ਇੰਡਸਟਰੀਜ਼ ਭਾਰਤ ਦੀ ਮੋਹਰੀ ਵਰਟੀਕਲ ਏਕੀਕ੍ਰਿਤ ਟੈਕਸਟਾਈਲ ਸਮੂਹ ਹੈ ਅਤੇ ਵਧੀਆ ਗੁਣਵੱਤਾ ਵਾਲੇ ਉਤਪਾਦਾਂ ਅਤੇ ਸੇਵਾ ਲਈ ਥੋਕ ਵਿੱਚ ਸੂਤੀ ਧਾਗਾ, ਨਾਈਲੋਨ ਧਾਗਾ, ਪੋਲਿਸਟਰ ਧਾਗਾ ਦੇ ਮੋਹਰੀ ਨਿਰਮਾਤਾਵਾਂ ਵਿੱਚੋਂ ਇੱਕ ਹੈ। ਵਿਦਿਆਰਥੀਆਂ ਦੇ ਨਾਲ ਵਿਭਾਗ ਦੇ ਫੈਕਲਟੀ ਮੈਂਬਰ ਡਾ. ਦਿਆਲ ਭਟਨਾਗਰ, ਡਾ. ਰਵੀ ਕੁਮਾਰ ਅਤੇ ਡਾ. ਅਮਨਪ੍ਰੀਤ ਕੌਰ ਵੀ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਪਲਾਂਟ ਲੇਆਉਟ, ਉਤਪਾਦਨ ਪ੍ਰਕਿਰਿਆ, ਵਸਤੂ ਸੂਚੀ ਪ੍ਰਬੰਧਨ, ਪੈਕੇਜਿੰਗ, ਲੌਜਿਸਟਿਕਸ ਅਤੇ ਮਾਰਕੀਟਿੰਗ ਆਦਿ ਵਰਗੇ ਉਤਪਾਦਨ ਅਤੇ ਪ੍ਰਬੰਧਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਨੂੰ ਮੌਕੇ 'ਤੇ ਸਿਖਾਇਆ। ਇਸ ਉਦਯੋਗਿਕ ਦੌਰੇ ਰਾਹੀਂ ਸੁਰੱਖਿਆ ਅਤੇ ਗੁਣਵੱਤਾ ਭਰੋਸਾ ਉਪਾਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਇਸ ਦੌਰੇ ਨੇ ਇਹ ਸਮਝਣ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕੀਤਾ ਕਿ ਰਚਨਾਤਮਕਤਾ ਅਤੇ ਉਤਪਾਦਨ ਕਿਵੇਂ ਇਕੱਠੇ ਕੰਮ ਕਰਦੇ ਹਨ। ਸਪੋਰਟਕਿੰਗ ਇੰਡਸਟਰੀਜ਼ ਦੇ ਦੌਰੇ ਨਾਲ ਉਨ੍ਹਾਂ ਦੇ ਅਕਾਦਮਿਕ ਗਿਆਨ ਵਿੱਚ ਵਾਧਾ ਹੋਇਆ, ਕਿਉਂਕਿ ਇਸਨੇ ਵਿਦਿਆਰਥੀਆਂ ਨੂੰ ਪਰਦੇ ਦੇ ਪਿੱਛੇ ਦੀਆਂ ਪ੍ਰਕਿਰਿਆਵਾਂ ਬਾਰੇ ਸਿੱਖਣ ਨੂੰ ਪ੍ਰਦਾਨ ਕੀਤਾ, ਜਿਸ ਨਾਲ ਉਨ੍ਹਾਂ ਨੂੰ ਅਸਲ ਕਾਰੋਬਾਰੀ ਪ੍ਰਕਿਰਿਆਵਾਂ ਨਾਲ ਇੱਕ ਠੋਸ ਲਿੰਕ ਮਿਲਿਆ। ਜਿਵੇਂ ਹੀ ਵਿਦਿਆਰਥੀ ਨਵੀਂ ਸੂਝ ਅਤੇ ਕਾਰਪੋਰੇਟ ਜਗਤ ਦੀ ਉੱਚੀ ਸਮਝ ਨਾਲ ਵਾਪਸ ਆਏ, ਇਸ ਅਨੁਭਵ ਨੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਅਤੇ ਇੱਕ ਸਥਾਈ ਪ੍ਰਭਾਵ ਛੱਡਿਆ। ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਨੇ ਇਸ ਦੌਰੇ ਦੀ ਯੋਜਨਾ ਬਣਾਉਣ ਅਤੇ ਪ੍ਰਬੰਧ ਕਰਨ ਵਾਲੇ ਨਾਲ ਆਏ ਸਟਾਫ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਡਾ. ਨਰਿੰਦਰ ਨੇ ਕਿਹਾ ਕਿ ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਫਲਦਾਇਕ ਹੋਵੇਗਾ ਕਿਉਂਕਿ ਵਿਦਿਆਰਥੀਆਂ ਨੂੰ ਦੁਨੀਆ ਵਿੱਚ ਇਸ ਕਿਸਮ ਦੀ ਇੱਕ ਮੋਹਰੀ ਉਦਯੋਗਿਕ ਇਕਾਈ ਵਿੱਚ ਜਾਣ ਅਤੇ ਸਿੱਖਣ ਦਾ ਮੌਕਾ ਮਿਲਿਆ। ਉਨ੍ਹਾਂ ਨੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਪ੍ਰਬੰਧ ਕਰਨ ਵਿੱਚ ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਦੇ ਸਮਰਥਨ ਅਤੇ ਮਾਰਗਦਰਸ਼ਨ ਦੀ ਵੀ ਸ਼ਲਾਘਾ ਕੀਤੀ। ਡਾ. ਅਮਨਦੀਪ ਸਿੰਘ ਨੇ ਕਿਹਾ ਕਿ ਕੈਂਪਸ ਪੰਜਾਬ ਅਤੇ ਨੇੜਲੇ ਰਾਜਾਂ ਦੇ ਪੇਂਡੂ ਖੇਤਰਾਂ ਦੇ ਬਹੁਤ ਸਾਰੇ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਦਾ ਹੈ, ਅਤੇ ਅਜਿਹੇ ਦੌਰੇ ਵਿਦਿਆਰਥੀਆਂ ਨੂੰ ਆਧੁਨਿਕ ਉਦਯੋਗਿਕ ਅਭਿਆਸਾਂ ਨਾਲ ਜਾਣੂ ਕਰਵਾਉਣ ਅਤੇ ਜਾਣੂ ਕਰਵਾਉਣ ਲਈ ਹੋਰ ਵੀ ਲਾਭਦਾਇਕ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅਸਾਮ ਤੋਂ ਚਲ ਕੇ ਦਿੱਲੀ ਪੁੱਜੇ ਸ਼ਹੀਦੀ ਨਗਰ ਕੀਰਤਨ ਨੂੰ ਮਿਲਿਆ ਰਿਕਾਰਡ ਤੋੜ ਸੰਗਤਾਂ ਦਾ ਹੁੰਗਾਰਾ: ਪਰਮਜੀਤ ਸਿੰਘ ਵੀਰਜੀ

## ਸ਼ਹੀਦੀ ਯਾਤਰਾ ਵਿਚ ਲੱਖਾਂ ਦੀ ਗਿਣਤੀ ਅੰਦਰ ਸੰਗਤਾਂ ਵਲੋਂ ਸ਼ਮੂਲੀਅਤ ਕਰਣ ਲਈ ਧੰਨਵਾਦ



**ਨਵੀਂ ਦਿੱਲੀ 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਸਤੀ ਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾਂ ਸ਼ਹੀਦੀ ਸਾਕੇ ਦੀ ਸ਼ਤਾਬਦੀ ਮੌਕੇ ਐਸਜੀਪੀਸੀ ਵਲੋਂ ਆਸਾਮ ਦੇ ਧੋਬੜੀ ਸਾਹਿਬ ਗੁਰਦੁਆਰਾ ਸਾਹਿਬ ਤੋਂ ਸਜਾਏ ਗਏ ਸ਼ਹੀਦੀ ਨਗਰ ਕੀਰਤਨ ਨੂੰ ਦਿੱਲੀ ਪੁਜਣ ਤੇ ਸੰਗਤਾਂ ਵਲੋਂ ਰਿਕਾਰਡ ਤੋੜ ਹੁੰਗਾਰਾ ਮਿਲਿਆ ਹੈ ਜਿਸ ਨੇ ਵਿਰੋਧੀ ਖੇਮੇ ਵਿਚ ਹਲਚਲ ਮਚਾ ਦਿੱਤੀ ਹੈ । ਇਸ ਬਾਰੇ ਗੱਲਬਾਤ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ, ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਸਰਗਰਮ ਆਗੂ ਭਾਈ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕਿ ਵਿਰੋਧੀ ਧਿਰ ਜੋ ਕਿ ਹੁਣ ਆਪਣੇ ਮੂੰਹ ਤੋਂ ਮੰਨ ਚੁਕੀ ਹੈ ਕਿ ਓਹ ਸਰਕਾਰੀ ਦਬਾਅ ਅਧੀਨ ਕਮੇਟੀ ਦਾ ਪ੍ਰਬੰਧ ਸੰਭਾਲ ਰਹੀ ਹੈ, ਵਲੋਂ ਇਸ ਸ਼ਹੀਦੀ ਯਾਤਰਾ ਵਿਚ ਖਲੱਲ ਪਾਉਣ ਦੇ ਸਾਰੇ ਮਨਸੂਬੇ ਫੇਲ ਹੋਣ ਕਰਕੇ ਓਹ ਅਜਬ ਗਜਬ ਹਰਕਤਾਂ ਕਰਕੇ ਇਕ ਨਿਵੇਕਲਾ ਕਾਲਾ ਇਤਿਹਾਸ ਬਣਾ ਰਹੇ ਹਨ । ਉਨ੍ਹਾਂ ਦਸਿਆ ਖਲੱਲ ਪਾਉਣ ਦੇ ਮੰਸੂਬਿਆਂ ਅੰਦਰ ਸ਼ਹੀਦੀ ਨਗਰ ਕੀਰਤਨ ਮੌਕੇ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖ਼ੇ ਐਸਜੀਪੀਸੀ ਨੂੰ ਸਮਾਗਮ ਲਈ ਲੱਖੀ ਸ਼ਾਹ ਵਣਜਾਰਾ ਹਾਲ ਨਾ ਦੇ ਕੇ ਪੰਜਾਬ ਸਰਕਾਰ ਨੂੰ ਵਣਜਾਰਾ ਹਾਲ ਦੇ ਦੇਣਾ, ਨਗਰ ਕੀਰਤਨ ਦੀ ਆਮਦ ਬਾਰੇ ਕਿਸੇ ਵੀਂ ਇਤਿਹਾਸਿਕ ਗੁਰੂਘਰ ਤੋਂ ਸੰਗਤਾਂ ਨੂੰ ਜਾਣਕਾਰੀ ਨਾ ਦੇਣਾ, ਦਿੱਲੀ ਪੁੱਜੇ ਨਗਰ ਕੀਰਤਨ ਵਿਚ ਕਿਸੇ ਕਿਸਮ ਦਾ ਸਹਿਯੋਗ ਨਹੀਂ ਦੇਣਾ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਤੋਂ ਕਮੇਟੀ ਦੇ ਜਨਰਲ ਇਜਲਾਸ ਉਪਰ ਰੋਕ ਲਗਾਉਣ ਦੇ ਬਾਵਜੂਦ ਇਜਲਾਸ ਸੱਦ ਕੇ ਤਿੰਨ ਸਾਬਕਾ ਪ੍ਰਧਾਨਾ ਦੀ ਮੈਂਬਰਸ਼ਿਪ ਖਾਰਿਜ ਕਰਕੇ ਪੰਥ ਨਾਲ ਵੱਡਾ ਧ੍ਰੋਹ ਤੇ ਕਮਾਇਆ ਹੀ ਹੈ ਤਖਤ ਸਾਹਿਬ ਦੇ ਆਦੇਸ਼ਾਂ ਦੀ ਉਲੰਘਣਾ ਕਰਕੇ ਆਪਣੇ ਉਪਰ ਨਾ ਮਿਟਣ ਵਾਲਾ ਦਾਗ ਲਗਵਾ ਲਿਆ ਹੈ। ਉਨ੍ਹਾਂ ਦਸਿਆ ਕਿ ਦਿੱਲੀ ਦੇ ਵੱਖ ਵੱਖ ਇਲਾਕੇਆ ਅੰਦਰ ਤਿੰਨ ਦਿਨ ਚਲੀ ਇਸ ਸ਼ਹੀਦੀ ਯਾਤਰਾ ਵਿਚ ਲੱਖਾਂ ਦੀ ਗਿਣਤੀ ਅੰਦਰ ਸੰਗਤਾਂ ਵਲੋਂ ਕੀਤੀ ਗਈ ਸ਼ਮੂਲੀਅਤ ਨੇ ਜੋ ਹੁੰਗਾਰਾ ਦਿੱਤਾ ਹੈ ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ ਤੇ ਆਸ ਕਰਦੇ ਹਾਂ ਕਿ ਜਿਸ ਤਰ੍ਹਾਂ ਵਿਰੋਧੀ ਧਿਰ ਦੀਆਂ ਸਰਕਾਰੀ ਕਾਰਵਾਈਆਂ ਦਾ ਵਿਰੋਧ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਨੂੰ ਭਰਵਾਂ ਹੁੰਗਾਰਾ ਦਿੱਤਾ ਹੈ ਆਣ ਵਾਲੀਆਂ ਦਿੱਲੀ ਕਮੇਟੀ ਦੀ ਚੋਣਾਂ ਵਿਚ ਵੀਂ ਇਸੇ ਤਰ੍ਹਾਂ ਇੰਨ੍ਹਾ ਨੂੰ ਬਾਹਰ ਦਾ ਰਾਹ ਦਿਖਾ ਕੇ ਆਪਣੀ ਜਾਗਦੀ ਜਮੀਰ ਦੀ ਹੋਂਦ ਦਾ ਪ੍ਰਗਟਾਵਾ ਕਰੋਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਦਿੱਤਾ ਮੰਗ ਪੱਤਰ

ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :– ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ ਜਿਸ ਵਿੱਚ ਪਾਰਟੀ ਪ੍ਰੋਗਰਾਮ ਅਨੁਸਾਰ ਪੰਜਾਬ ਅਤੇ ਕੇਂਦਰ ਸਰਕਾਰ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਹੀਂ ਕਿਸਾਨਾਂ ਦੇ ਹੱਕ ਵਿੱਚ ਮੈਮੋਰੰਡਮ ਭੇਜਣ ਦਾ ਫੈਸਲਾ ਲਿਆ ਗਿਆ। ਇਸ ਮੈਮੋਰੰਡਮ ਵਿੱਚ ਸਰਕਾਰਾਂ ਨੂੰ ਅਪੀਲ ਕੀਤੀ ਗਈ ਕਿ ਇਸ ਸਮੇਂ ਝੋਨੇ ਦੀ ਫ਼ਸਲ ਤੇ ਕਈ ਕੁਦਰਤੀ ਆਫ਼ਤਾਂ ਆਈਆਂ ਹਨ। ਇਸ ਸੀਜ਼ਨ ਵਿੱਚ ਫਲਾਵਰਿੰਗ ਸਟੇਜ ਤੇ ਬਾਰਸ਼ਾਂ ਜਾਂਦਾ ਹੋਣ ਕਾਰਨ ਝੋਨੇ ਦੀਆਂ ਮੁੰਜਰਾਂ ਵਿੱਚ ਸਾਰੇ ਦਾਣੇ ਨਹੀਂ ਬਣ ਸਕੇ। ਕੁਦਰਤੀ ਮੌਸਮ ਠੀਕ ਨਾ ਹੋਣ ਕਾਰਨ ਝੋਨੇ ਦੀ ਫ਼ਸਲ ਤੇ ਕਈ ਤਰ੍ਹਾਂ ਦੇ ਕੀੜਿਆਂ ਮਕੌੜਿਆਂ ਅਤੇ ਉੱਲੀ ਰੋਗ (ਹਲਦੀ ਰੋਗ) ਆਦਿ ਨੇ ਹਮਲਾ ਕੀਤਾ ਹੈ, ਫਸਲਾਂ ਨੂੰ ਹੜਾਂ ਦੀ ਮਾਰ ਨੇ ਬਹੁਤ ਨੁਕਸਾਨ ਕੀਤਾ ਹੈ ਜਿਸ ਕਾਰਨ ਝੋਨੇ ਦੀ ਫ਼ਸਲ ਦਾ ਝਾੜ 5–10 ਕੁਵਿੰਟਲ ਪ੍ਰਤੀ ਏਕੜ ਘੱਟ ਨਿਕਲਿਆ ਹੈ। ਪੰਜਾਬ ਦਾ ਪੀੜਤ ਕਿਸਾਨ ਬੇਵੱਸ ਅਤੇ ਮਾਨਸਿਕ ਤੌਰ ਤੇ ਬੇਚੈਨ ਹੈ।ਪੰਜਾਬ ਅਤੇ ਕਿਸਾਨਾਂ ਦੇ ਹੱਕਾਂ ਤੇ ਪਹਿਲਾਂ ਹੀ ਕਈ ਤਰ੍ਹਾਂ ਦੇ ਹਮਲੇ ਹੋ ਰਹੇ ਹਨ। ਪੰਜਾਬ ਦੇ ਕਿਸਾਨਾਂ ਦੀ ਆਰਥਿਕ ਸਥਿਤੀ ਪਹਿਲਾਂ ਹੀ ਠੀਕ ਨਹੀਂ ਹੈ। ਕਿਸਾਨੀ ਅਤੇ ਕਿਸਾਨ ਨੂੰ ਮਜ਼ਬੂਤ ਕਰਨ ਨਾਲ ਹੀ ਸਟੇਟ ਅਤੇ ਕੇਂਦਰ ਦੀ ਤਰੱਕੀ ਹੋ ਸਕਦੀ ਹੈ ।ਇਸ ਲਈ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਪੰਜਾਬ ਅਤੇ ਕੇਂਦਰ ਸਰਕਾਰ ਦੇ ਨਾਮ ਮੈਮੋਰੰਡਮ ਦੇ ਕੇ ਤੁਰੰਤ 800 ਰੁਪਏ ਪ੍ਰਤੀ ਕੁਇੰਟਲ ਮੁਆਵਜ਼ੇ ਦੀ ਮੰਗ ਕਰਦਾ ਹੈ। ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਤਰਨਤਾਰਨ ਦੀ ਜ਼ਿਮਨੀ ਚੋਣ ਵਿੱਚ ਪੰਥ ਦੇ ਸਾਂਝੇ ਉਮੀਦਵਾਰ ਸਰਦਾਰ ਮਨਦੀਪ ਸਿੰਘ ਦੀ ਡੱਟ ਕੇ ਹਮਾਇਤ ਕੀਤੀ ਜਾਵੇਗੀ ਹਰੇਕ ਮੈਂਬਰ ਤਰਨ ਤਾਰਨ ਹਲਕੇ ਵਿੱਚ ਜਾ ਕੇ ਆਪਣੇ ਭੈਣ ਭਰਾਵਾਂ, ਦੋਸਤਾਂ ਮਿੱਤਰਾਂ, ਰਿਸ਼ਤੇਦਾਰ ਨੂੰ ਮਨਦੀਪ ਸਿੰਘ ਦੇ ਹੱਕ ਵਿੱਚ ਵੋਟਾਂ ਪਾਉਣ ਲਈ ਬੇਨਤੀ ਕਰੇਗਾ ਕਿਉਕਿ ਸਿੱਖ ਪੰਥ ਲਈ ਇਸ ਪਰਿਵਾਰ ਦੀ ਬਹੁਤ ਵੱਡੀ ਕੁਰਬਾਨੀ ਹੈ ਭਾਈ ਮਨਪ੍ਰੀਤ ਸਿੰਘ ਦਾ ਚੋਣ ਨਿਸ਼ਾਨ ਬਾਲਟੀ ਹੈ ਜੀ। ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸਹਿਬਾਨ, ਜਥੇਦਾਰ ਕਰਨੈਲ ਸਿੰਘ ਭਾਵੜਾ, ਭਾਈ ਜਸਪਾਲ ਸਿੰਘ ਖਾਲਸਾ, ਭਾਈ ਬਲਜਿੰਦਰ ਸਿੰਘ ਮੈਨੇਜਰ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਦਵਿੰਦਰ ਸਿੰਘ ਸੇਖੋਂ, ਹਰਦੇਵ ਸਿੰਘ ਹਾਮਦ, ਨੰਬਰਦਾਰ ਹਰਬੰਸ ਸਿੰਘ ਕਿਸਾਨ ਆਗੂ, ਜਗਦੇਵ ਸਿੰਘ ਘੱਲ ਖੁਰਦ,ਮਾਨ ਸਿੰਘ ਕਿਲੀ, ਸਰਬਜੀਤ ਸਿੰਘ ਅਰਵਿੰਦਰ ਸਿੰਘ ਮੈਨੇਜਰ, ਅਮਿਤਪਾਲ ਸਿੰਘ ਸੰਧੂ, ਚਰਨ ਸਿੰਘ ਕੀਰਤੀ ਚੱਕਰ, ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ, ਗੁਰਮਖ ਸਿੰਘ ਮੱਖੂ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਲੁਧਿਆਣਾ ਵਿੱਚ ਬਣੇਗੀ ਸ਼ਹੀਦ ਊਧਮ ਸਿੰਘ

# ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ—ਡਾਕਟਰ ਸੰਦੀਪ ਸਿੰਘ ਕੌੜਾ



**ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :—** ਸਿੱਖਿਆ ਅਤੇ ਉਦਯੋਗ ਦੀਆਂ ਲੋੜਾਂ ਦਰਮਿਆਨ ਪਾੜੇ ਨੂੰ ਪੂਰਨ ਲਈ ਸੂਬੇ ਦੇ ਨੌਜਵਾਨਾਂ ਨੂੰ ਅਤਿ-ਆਧੁਨਿਕ ਹੁਨਰ ਅਤੇ ਉੱਦਮੀ ਮੁਹਾਰਤ ਨਾਲ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਲੁਧਿਆਣਾ ਵਿੱਚ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕੀਤੀ ਜਾਵੇਗੀ, ਜਿਸਦਾ ਨਾਂ ਮਹਾਨ ਆਜ਼ਾਦੀ ਘੁਲਾਟੀਏ ਸ਼ਹੀਦ ਊਧਮ ਸਿੰਘ ਦੇ ਨਾਮ ਤੇ ਰੱਖਿਆ ਗਿਆ ਹੈ। ਇਸ ਗੱਲ ਦਾ ਪ੍ਰਗਟਾਵਾ ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਦੇ ਸੰਸਥਾਪਕ ਚਾਂਸਲਰ ਡਾ: ਸੰਦੀਪ ਸਿੰਘ ਕੌੜਾ ਨੇ ਰਣਜੀਤ ਸਿੰਘ ਸਾਮਾ ਸਾਬਕਾ ਚੇਅਰਮੈਨ ਦੇ ਗ੍ਰਹਿ ਪਿੰਡ ਨੂਰਪੁਰ ਸੇਠਾਂ ਵਿਖੇ ਕੀਤਾ। ਇਸ ਮੌਕੇ ਡਾਕਟਰ ਮਲਕੀਤ ਥਿੰਦ (ਚੇਅਰਮੈਨ ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ), ਰਣਜੀਤ ਸਿੰਘ ਸਾਮਾ ਸਾਬਕਾ ਚੇਅਰਮੈਨ, ਭਗਵਾਨ ਸਿੰਘ ਸਾਮਾ ਪ੍ਰਧਾਨ ਸ਼ਹੀਦ ਊਧਮ ਸਿੰਘ ਟਰੱਸਟ ਫਿਰੋਜ਼ਪੁਰ, ਅਮਰੀਕ ਸਿੰਘ ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟੇ ਸ੍ਰੀ ਮੁਕਤਸਰ ਸਾਹਿਬ, ਸੀਨੀਅਰ ਜਰਨਲਿਸਟ ਜਗਦੀਸ਼ ਥਿੰਦ, ਹਰਚਰਨ ਸਿੰਘ ਸਾਮਾ ਪ੍ਰਬੰਧਕ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਅਤੇ ਗੁਰਜੰਟ ਸਿੰਘ ਸਾਮਾ ਆਦਿ ਵੀ ਹਾਜ਼ਰ ਸਨ।

**ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਹਰਜੋਤ ਬੈਂਸ ਵੱਲੋਂ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਯੂਨੀਵਰਸਿਟੀ ਦੀ ਸਥਾਪਨਾ ਲਈ ਲੋੜੀਂਦੀਆਂ ਪ੍ਰਵਾਨਗੀਆਂ ਸਮੇਤ ਸੰਭਵ ਸਹਾਇਤਾ ਦਾ ਭਰੋਸਾ**

ਜਾਣਕਾਰੀ ਦਿੰਦਿਆਂ ਡਾਕਟਰ ਸੰਦੀਪ ਸਿੰਘ ਕੌੜਾ ਸੰਸਥਾਪਕ ਚਾਂਸਲਰ ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਨੇ ਦਸਿਆ ਕਿ ਇਹ ਮਾਣਮੱਤੀ ਸੰਸਥਾ ਨੌਜਵਾਨਾਂ ਵਿੱਚ ਨਵੀਨਤਾ, ਰਚਨਾਤਮਕਤਾ ਅਤੇ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰੇਗੀ ਅਤੇ ਉਦਯੋਗ ਦੀਆਂ ਲੋੜਾਂ ਮੁਤਾਬਕ ਨੌਜਾਵਾਨਾਂ ਨੂੰ ਸਿੱਖਿਆ ਪ੍ਰਦਾਨ ਕਰੇਗੀ ਜਿਸ ਨਾਲ ਪੰਜਾਬ ਵਿੱਚ ਆਰਥਿਕ ਵਿਕਾਸ ਦਾ ਰਾਹ ਪੱਧਰਾ ਹੋਵੇਗਾ। ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਦੀ ਸਥਾਪਨਾ ਬਾਰੇ ਅਧਿਕਾਰਤ ਐਲਾਨ ਸਬੰਧੀ ਸਮਾਰੋਹ ਵਿੱਚ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਤੇ ਆਪ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਆਪ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਸ਼ਿਰਕਤ ਕੀਤੀ ਸੀ। ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਲੁਧਿਆਣਾ ਵਿਖੇ ਕੰਬੋਜ ਭਾਈਚਾਰੇ ਵੱਲੋਂ ਦਾਨ ਕੀਤੀ ਗਈ 50 ਏਕੜ ਜ਼ਮੀਨ ਤੇ ਸਥਾਪਿਤ ਕੀਤੀ ਜਾਵੇਗੀ ਅਤੇ ਇਸ ਉੱਤੇ 500 ਕਰੋੜ ਰੁਪਏ ਲਾਗਤ ਆਉਣ ਦਾ ਅਨੁਮਾਨ ਹੈ। ਇਹ ਯੂਨੀਵਰਸਿਟੀ ਕੈਂਪਸ ਅਤਿ-ਆਧੁਨਿਕ ਬੁਨਿਆਦੀ ਢਾਂਚੇ, ਡਿਜੀਟਲ ਕਲਾਸਰੂਮ, ਖੋਜ ਕੇਂਦਰ, ਨਵੀਨਤਾ ਕੇਂਦਰ ਅਤੇ ਇਨਕਿਊਬੇਸ਼ਨ ਸਹੂਲਤਾਂ ਨਾਲ ਲੈਸ ਹੋਵੇਗਾ। ਇਸ ਯੂਨੀਵਰਸਿਟੀ ਦਾ ਉਦੇਸ਼ ਵਿਦਿਆਰਥੀਆਂ ਨੂੰ ਅਜੋਕੇ ਯੁੱਗ, ਤਕਨਾਲੋਜੀ ?ਸੰਚਾਲਿਤ ਅਰਥਵਿਵਸਥਾ, ਨਵੀਨਤਾ, ਉੱਦਮਤਾ ਅਤੇ ਉਦਯੋਗ ਅਧਾਰਿਤ ਉੱਦਮਾਂ ਨੂੰ ਉਤਸ਼ਾਹਿਤ ਕਰਨ ਲਈ ਲੋੜੀਂਦੇ ਹੁਨਰ ਅਤੇ ਸਰੋਤ ਪ੍ਰਦਾਨ ਕਰਨਾ ਹੈ।

ਡਾ ਕੌੜਾ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀਆਂ ਅਮਨ ਅਰੋੜਾ ਅਤੇ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਉਦਯੋਗ ਦੀਆਂ ਲੋੜਾਂ ਮੁਤਾਬਕ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਲਈ ਕੀਤੇ ਜਾ ਰਹੇ ਯਤਨਾਂ ਤੇ ਚਾਨਣਾ ਪਾਇਆ ਤੇ ਉਨ੍ਹਾਂ ਭਰੋਸਾ ਦਿੱਤਾ ਹੈ ਕਿ ਯੂਨੀਵਰਸਿਟੀ ਦੇ ਪ੍ਰਬੰਧਕਾਂ ਨੂੰ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਦੇ ਨਾਲ ?ਨਾਲ ਯੂਨੀਵਰਸਿਟੀ ਦੀ ਸਥਾਪਨਾ ਅਤੇ ਸੰਚਾਲਨ ਲਈ ਸਾਰੀਆਂ ਲੋੜੀਂਦੀਆਂ ਪ੍ਰਵਾਨਗੀਆਂ ਵਿੱਚ ਮਦਦ ਕੀਤੀ ਜਾਵੇਗੀ। ਇਸ ਸਬੰਧੀ ਚੰਡੀਗੜ੍ਹ ਵਿਖੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਹੁਨਰ ਵਿਕਾਸ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਪ੍ਰਤੀ ਪੰਜਾਬ ਸਰਕਾਰ ਦੇ ਯਤਨਾਂ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ। ਵਿਹਾਰਕ ਹੁਨਰਾਂ ਅਤੇ ਉਦਯੋਗਿਕ ਭਾਈਵਾਲੀ ਤੇ ਧਿਆਨ ਕੇਂਦਰਿਤ ਕਰਕੇ, ਇਹ ਯੂਨੀਵਰਸਿਟੀ ਅਜਿਹੇ ਗ੍ਰੈਜੂਏਟ ਪੈਦਾ ਕਰੇਗੀ ਜੋ ਰੁਜ਼ਗਾਰ ਹਾਸਲ ਕਰਨ ਦੇ ਸਮਰੱਥ ਹੋਣਗੇ। ਮਨੀਸ਼ ਸਿਸੋਦੀਆ ਨੇ ਯੂਨੀਵਰਸਿਟੀ ਲਈ ਜ਼ਮੀਨ ਦਾਨ ਕਰਨ ਅਤੇ ਸਿੱਖਿਆ ਵਿੱਚ ਯੋਗਦਾਨ ਲਈ ਕੰਬੋਜ ਭਾਈਚਾਰੇ ਦੀ ਪ੍ਰਸ਼ੰਸਾ ਕੀਤੀ। ਡਾਕਟਰ ਕੌੜਾ ਨੇ ਦਸਿਆ ਕਿ ਜਲਾਲਾਬਾਦ ਤੋਂ ਵਿਧਾਇਕ ਸ੍ਰੀ ਜਗਦੀਪ ਗੋਲਡੀ ਕੰਬੋਜ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਲੁਧਿਆਣਾ ਨੂੰ ਹੁਨਰ ਵਿਕਾਸ ਅਤੇ ਉੱਦਮਤਾ ਦੇ ਕੇਂਦਰ ਵਿੱਚ ਬਦਲ ਦੇਵੇਗੀ। ਡਾ: ਸੰਦੀਪ ਸਿੰਘ ਕੌੜਾ ਨੇ ਕਿਹਾ ਕਿ ਯੂਨੀਵਰਸਿਟੀ ਦਾ ਧਿਆਨ ਆਰਟੀਫੀਸ਼ੀਅਲ ਇੰਟੈਲੀਜੈਂਸ, ਡੇਟਾ ਸਾਇੰਸ, ਰੋਬੋਟਿਕਸ, ਸਾਈਬਰ ਸੁਰੱਖਿਆ ਅਤੇ ਉੱਨਤ ਉੱਦਮਤਾ ਪ੍ਰੋਗਰਾਮਾਂ ਵਰਗੀਆਂ ਅਤਿ ਆਧੁਨਿਕ ਤਕਨਾਲੋਜੀਆਂ ਤੇ ਕੇਂਦਰਿਤ ਹੋਵੇਗਾ। ਜਿਕਰਯੋਗ ਹੈ ਕਿ ਇਹ ਕਾਰਜ ਬਾਬਾ ਬ੍ਰਹਮ ਦਾਸ ਜੀ (ਡੇਰਾ ਬਾਬਾ ਭੂਮਣ ਸ਼ਾਹ, ਸਿਰਸਾ) ਦੇ ਆਸ਼ੀਰਵਾਦ ਨਾਲ ਸ਼ੁਰੂ ਹੋਇਆ, ਜਿਨ੍ਹਾਂ ਦੇ ਭਾਰਤ ਅਤੇ ਵਿਦੇਸ਼ਾਂ ਵਿੱਚ ਲੱਖਾਂ ਸ਼ਰਧਾਲੂ ਹਨ। ਇਸ ਸਮਾਗਮ ਵਿੱਚ ਵਿਦੇਸ਼ਾਂ ਤੋਂ ਕੰਬੋਜ ਭਾਈਚਾਰੇ ਦੇ ਉੱਘੇ ਆਗੂਆਂ ਨੇ ਆਨਲਾਈਨ ਸ਼ਿਰਕਤ ਕੀਤੀ ਅਤੇ ਯੂਨੀਵਰਸਿਟੀ ਪ੍ਰੋਜੈਕਟ ਪ੍ਰਤੀ ਆਪਣੀ ਨਿਰਸਵਾਰਥ ਵਚਨਬੱਧਤਾ ਦਹੁਰਾਈ। ਇਸ ਤੋਂ ਇਲਾਵਾ ਸਮਾਗਮ ਵਿੱਚ ਵਿਧਾਇਕ ਡਾ: ਜਮੀਲ ਉਰ ਰਹਿਮਾਨ, ਬਲਵਿੰਦਰ ਸਿੰਘ ਜੰਮੂ, ਪ੍ਰਧਾਨ ਆਲ ਇੰਡੀਆ ਜਰਨਲਿਸਟ ਐਸੋਸੀਏਸ਼ਨ, ਡਾ: ਅਵਤਾਰ ਸਿੰਘ, ਚੇਅਰਮੈਨ ਅਮਨ ਗਰੁੱਪ ਆਫ਼ ਹਾਸਪੀਟਲਜ਼, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਪ੍ਰੋ: ਮਨਜੀਤ ਸਿੰਘ, ਜਸਬੀਰ ਸਿੰਘ ਥਿੰਦ ਅਤੇ ਦੇਸ਼ ਭਰ ਤੋਂ ਕੰਬੋਜ ਭਾਈਚਾਰੇ ਦੀਆਂ ਹੋਰ ਉੱਘੀਆਂ ਸ਼ਖਸੀਅਤਾਂ ਨੇ ਵੀ ਸ਼ਿਰਕਤ ਕੀਤੀ।

ਡਾ: ਸੰਦੀਪ ਸਿੰਘ ਕੌੜਾ ਨੇ ਕਿਹਾ ਕਿ ਇਸ ਯੂਨਿਵਰਸਿਟੀ ਦੀ ਸਥਾਪਨਾ ਕਰਨ ਲਈ ਪੰਜਾਬ ਤੇ ਦੂਸਰੇ ਰਾਜਾਂ ਵਿੱਚ ਬੈਠੇ ਕੰਬੋਜ ਭਾਈਚਾਰੇ ਨਾਲ ਸਬੰਧਤ ਸਖਸ਼ੀਅਤਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਇਹਨਾਂ ਸਿਲਸਿਲੇਵਾਰ ਮੀਟਿੰਗਾਂ ਦੇ ਸੰਦਰਭ ਵਿੱਚ ਅੱਜ ਰਣਜੀਤ ਸਿੰਘ ਸਾਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਦੇ ਗ੍ਰਹਿ ਅੱਜ ਵਿਚਾਰ ਚਰਚਾ ਕੀਤੀ ਹੈ। ਪਿੰਡ ਨੂਰਪੁਰ ਸੇਠਾਂ ਵਿਖੇ ਸ਼ਹੀਦ ਊਧਮ ਸਿੰਘ ਸਕਿੱਲ ਡਿਵੈਲਪਮੈਂਟ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਦੀ ਸਥਾਪਨਾ ਸਬੰਧੀ ਚਰਚਾ ਦੌਰਾਨ ਡਾਕਟਰ ਸੰਦੀਪ ਸਿੰਘ ਕੌੜਾ ਤੇ ਹੋਰ ਪਤਵੰਤੇ।

### ਗੁ: ਭਾਈ ਹਾਕਮ ਸਿੰਘ ਵਿਖੇ ਬਾਬਾ ਦੀਪ ਸਿੰਘ ਦੇ ਸ਼ਹੀਦੀ ਦਿਹਾੜੇ ਦੇ ਸਮਾਗਮ ਸ਼ੁਰੂ

# ਇਹ ਦਿਹਾੜਾ ਮਨਾਉਣ ਲਈ ਸੰਗਤਾਂ ਵਿਚ ਭਾਰੀ ਉਤਸ਼ਾਹ—ਪ੍ਰਬੰਧਕ ਕਮੇਟੀ



**ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :—** ਦਮਦਮੀ ਟਕਸਾਲ ਦੇ ਬਾਨੀ ਅਤੇ ਅਨੋਖੇ ਅਮਰ ਸ਼ਹੀਦ ਵਜੋਂ ਜਾਣੇ ਜਾਂਦੇ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦਾ 35ਵਾਂ ਮਹਾਨ ਸ਼ਹੀਦੀ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਬੰਧਕ ਕਮੇਟੀ ਗੁਰਦੁਆਰਾ ਭਾਈ ਹਾਕਮ ਸਿੰਘ ਅਤੇ ਇਲਾਕੇ ਭਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਦੇ ਸਮਾਗਮਾਂ ਦੀ ਆਰੰਭਤਾ ਅੱਜ ਆਖੰਡ ਪਾਠਾਂ ਦੀ ਲੜੀ ਨਾਲ ਸ਼ੁਰੂ ਹੋ ਚੁੱਕੀ ਹੈ। ਇਸ ਸਬੰਧੀ ਹੋਰ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਹੋਇਆ ਗੁ: ਕਮੇਟੀ ਦੇ ਪ੍ਰਧਾਨ ਬਾਬਾ ਮੁਖਤਿਆਰ ਸਿੰਘ, ਸਰਪ੍ਰਸਤ ਭਾਈ ਜ਼ਸਪਾਲ ਸਿੰਘ ਅਤੇ ਸਾਥੀਆਂ ਨੇ ਦੱਸਿਆ ਕਿ ਇਹ ਆਖੰਡ ਪਾਠਾਂ ਦੀ ਲੜੀ ਅੱਜ ਤੋਂ ਸ਼ੁਰੂ ਹੋ ਕੇ 15 ਨਵੰਬਰ ਤੱਕ ਚੱਲੇਗੀ। ਇਸ ਦੌਰਾਨ 2 ਨਵੰਬਰ ਤੋਂ ਪ੍ਰਭਾਤ ਫੇਰੀਆਂ ਆਰੰਭ ਵੀ ਹੋ ਜਾਣਗੀਆਂ ਜ਼ੋ 12 ਨਵੰਬਰ ਤੱਕ ਚੱਲਣਗੀਆਂ। ਬਾਬਾ ਮੁਖਤਿਆਰ ਸਿੰਘ ਤੇ ਭਾਈ ਜ਼ਸਪਾਲ ਸਿੰਘ ਨੇ ਅੱਗੇ ਦੱਸਿਆ ਕਿ ਇਸ ਸ਼ਹੀਦੀ ਦਿਹਾੜੇ ਦੇ ਸਬੰਧ ਵਿਚ ਇਕ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਇਲਾਕੇ ਦੀ ਧਾਰਮਿਕ ਸਖਸ਼ੀਅਤ ਭਗਤ ਬਾਬਾ ਮਿਲਖਾ ਸਿੰਘ ਦੇ ਸਹਿਯੋਗ ਨਾਲ 13 ਨਵੰਬਰ ਦਿਨ ਵੀਰਵਾਰ ਨੂੰ ਸਜਾਇਆ ਜਾਵੇਗਾ ਅਤੇ ਇਸ ਸ਼ਹੀਦੀ ਦਿਹਾੜੇ ਦਾ ਮੁੱਖ ਸਮਾਗਮ 15 ਨਵੰਬਰ ਦਿਨ ਸ਼ਨੀਵਾਰ ਨੂੰ ਸਵੇਰੇ ਅਤੇ ਰਾਤ ਦੇ ਦੀਵਾਨ ਸਜਣਗੇ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥੇ ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਬਲਵਿੰਦਰ ਸਿੰਘ ਅਤੇ ਭਾਈ ਰਣਜੀਤ ਸਿੰਘ ਦੇ ਜਥੇ ਜਿਥੇ ਸੰਗਤਾਂ ਨੂੰ ਆਪਣੇ ਮਨੋਹਰ ਕਰਤਨ ਰਾਹੀਂ ਨਿਹਾਲ ਕਰਨਗੇ, ਉਥੇ ਪੰਥ ਪ੍ਰਸਿੱਧ ਢਾਡੀ ਜਥਾ ਗਿ: ਲਖਵੀਰ ਸਿੰਘ ਕੋਮਲ ਅੰਮ੍ਰਿਤਸਰ ਵਾਲੇ ਢਾਡੀ ਵਾਰਾਂ ਰਾਹੀਂ ਬਾਬਾ ਜੀ ਦੀ ਜੀਵਨੀ ਅਤੇ ਸ਼ਹਾਦਤ ਤੇ ਚਾਨਣਾ ਪਾਉਣਗੇ। ਇਸ ਦਰਮਿਆਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਆਗੂਆਂ ਨੇ ਦੱਸਿਆ ਕਿ ਇਸ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਮੇਂ ਉਕਤ ਆਗੂਆਂ ਦੇ ਨਾਲ ਗੁਰਚਰਨ ਸਿੰਘ ਬਾਵਾ, ਨਿਰਮਲ ਸਿੰਘ, ਪ੍ਰਗਟ ਸਿੰਘ, ਸੁਖਬੀਰ ਸਿੰਘ ਸੰਧੂ, ਪਿੱਪਲ ਸਿੰਘ ਸਿੱਧੂ, ਸੁਰਜੀਤ ਸਿੰਘ, ਪਰਵਿੰਦਰ ਸਿੰਘ ਭਿੰਦਾ, ਗੁਰਨਾਮ ਸਿੰਘ, ਅਜਮੇਰ ਸਿੰਘ ਆਦਿ ਹਾਜ਼ਰ ਸਨ।

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਨੂੰ ਸਮਰਪਿਤ 13ਵਾਂ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਤੋਂ ਸਜਾਇਆ



**ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :—**ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਤਾਬਦੀ ਨੂੰ ਸਮਰਪਿਤ 13ਵਾਂ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਤੋਂ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਅਤੇ ਝੂਲਦੇ ਨਿਸ਼ਾਨ ਅਤੇ ਨਗਾਰੇ ਦੀ ਅਗਵਾਈ ਹੇਠ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਦੇਖ—ਰੇਖ ਹੇਠ ਸਜਾਇਆ। ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਛੱਪੜੀ ਸਾਹਿਬ ਤੋਂ ਚੱਲ ਕੇ ਪਿੰਡ ਤੂਤ, ਸਾਧਾਂ ਵਾਲਾ, ਗੁਲਾਮੀ ਵਾਲਾ, ਚੂਹੜ ਖਲਚੀਆਂ, ਰੋੜਾਂ ਵਾਲਾ, ਮਹਿਮਾ, ਟਾਹਲੀ ਵਾਲਾ, ਚੱਕ ਹਰਾਜ, ਬੁਰਜ ਮੱਖਣ ਸਿੰਘ ਵਾਲਾ ਅਤੇ ਸਮਾਪਤੀ ਸ਼ਾਮ ਸਿੰਘ ਵਾਲਾ ਵਿਖੇ ਹੋਈ। ਇਸ ਮੌਕੇ ਤੇ ਥਾਂ—ਥਾਂ ਤੇ ਪਿੰਡ ਵਾਲਿਆਂ ਨੇ ਗੇਟ ਸਜਾਏ ਹੋਏ ਸਨ ਅਤੇ ਪਿੰਡਾਂ ਦੀਆਂ ਸੰਗਤਾਂ ਵੱਲੋਂ ਚਾਹ ਦਾ ਲੰਗਰ, ਮਿਠਾਈਆਂ ਦੇ ਲੰਗਰ, ਫਰੂਟ ਦੇ ਲੰਗਰ ਤੋਂ ਇਲਾਵਾ ਅਨੇਕਾਂ ਤਰ੍ਹਾਂ ਦੇ ਲੰਗਰ ਸੰਗਤਾਂ ਵਿਚ ਵਰਤਾਇਆ ਗਿਆ। ਇਸ ਮੌਕੇ ਤੇ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਖਾਲਸਾ ਰੋਡੇ ਨੇ ਵੱਖ—ਵੱਖ ਥਾਵਾਂ ਤੇ ਬੋਲਦਿਆਂ ਕਿਹਾ ਕਿ ਹਿੰਦ ਦੀ ਚਾਦਰ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ 25 ਨਵੰਬਰ ਨੂੰ ਆ ਰਹੀ ਹੈ, ਜਿਨ੍ਹਾਂ ਨੇ ਹਿੰਦੂ ਧਰਮ ਬਚਾਉਣ ਲਈ ਆਪਣੀ ਸ਼ਹਾਦਤ ਦਿੱਤੀ ਅਤੇ ਨਾਲ ਹੀ ਭਾਈ ਮਤੀ ਪਾਸ ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਨੂੰ ਆਰਿਆਂ ਨਾਲ ਚੀਰਿਆ ਗਿਆ। ਦੇਗਾਂ ਵਿਚ ਉਬਾਲਿਆਂ ਗਿਆ। ਧੰਨ ਹਨ ਉਹ ਮਹਾਨ ਸ਼ਹੀਦ ਸਿੰਘ ਸਾਹਿਬ ਜੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਸੰਗਤਾਂ ਨੂੰ ਚਾਨਣਾ ਪਾਇਆ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 25 ਨਵੰਬਰ ਤੱਕ ਹਰ ਰੋਜ਼ ਇਕ ਪਾਠ ਜ਼ਰੂਰ ਕਰਨ ਅਤੇ ਨਸ਼ਿਆਂ ਦਾ ਤਿਆਗ ਕਰੋ, ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ। ਇਸ ਮੌਕੇ ਤੇ ਉਨ੍ਹਾਂ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਦੀ ਭਰਪੂਰ ਪ੍ਰਸੰਸਾ ਕੀਤੀ, ਜਿਨ੍ਹਾਂ ਦੀ ਸਿਹਤ ਠੀਕ ਨਾ ਹੋਣ ਕਰਕੇ ਵੀ ਸਾਰਾ ਦਿਨ ਨਗਰ ਕੀਰਤਨ ਵਿਚ ਰਹੇ ਅਤੇ ਹਰ ਪਿੰਡ—ਪਿੰਡ ਵਿਚ ਅਤੇ ਨਗਰ ਕੀਰਤਨ ਦਾ ਪ੍ਰਬੰਧ ਬਹੁਤ ਹੀ ਵਧੀਆ ਢੰਗ ਨਾਲ ਨਿਭਾਇਆ। ਇਸ ਮੌਕੇ ਤੇ ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਪੰਜਾਬ ਪ੍ਰਧਾਨ ਕਾਰਜ ਕਾਰੀ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦਲੀਪ ਸਿੰਘ ਚੱਕਰ ਕਨਵੀਨਰ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਸੁਖਦੇਵ ਸਿੰਘ ਬੁੱਕਣ ਖਾਂ ਵਾਲੇ, ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਇੰਟਰਨੈਸ਼ਨਲ ਪੰਥਕ ਦਲ, ਬਾਬਾ ਅਵਤਾਰ ਸਿੰਘ ਸਾਧਾਂ ਵਾਲਾ, ਗਿਆਨੀ ਸੁਖਜਿੰਦਰ ਸਿੰਘ ਹਰਦਿਆਲੇਆਣਾ, ਬਾਬਾ ਸਜਣ ਸਿੰਘ ਮੁੱਖ ਸਲਾਹਕਾਰ, ਰਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਰੋਡੇ, ਭਾਈ ਜਗਿੰਦਰ ਸਿੰਘ ਮੀਤ ਪ੍ਰਧਾਨ ਪੰਜਾਬ ਧਾਰਮਿਕ ਵਿੰਗ, ਮਲਕੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ ਫ਼ਿਰੋਜ਼ਪੁਰ, ਸੂਬਾ ਸਿੰਘ, ਗੁਰਸੇਵਕ ਸਿੰਘ ਸ਼ਾਮ ਸਿੰਘ ਵਾਲਿਆਂ ਨੇ ਨਗਰ ਕੀਰਤਨ ਵਿਚ ਵੱਧ ਚੜ੍ਹ ਕੇ ਸੇਵਾ ਕੀਤੀ। ਇਸ ਮੌਕੇ ਤੇ ਭਾਈ ਬੂਟਾ ਸਿੰਘ, ਮੇਜਰ ਸਿੰਘ, ਰਣਜੋਤ ਸਿੰਘ ਫੌਜੀ ਵੀ ਵਿਸ਼ੇਸ਼ ਤੌਰ ਤੇ ਪਿੰਡ ਰੋਡੇ ਤੋਂ ਪਹੁੰਚੇ। ਇਸ ਮੌਕੇ ਤੇ ਪਿੰਡ ਵਾਸੀਆਂ ਨੇ ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ ਦਾ ਨਗਰ ਵਿਚ ਪਹੁੰਚਣ ਤੇ ਸਵਾਗਤ ਕੀਤਾ। ਇਸ ਮੌਕੇ ਤੇ ਹਰਪਿੰਦਰ ਸਿੰਘ ਤੂਤ ਨੇ ਨਗਰ ਕੀਰਤਨ ਵਿਚ ਸੇਵਾ ਕੀਤੀ।

# ਸਰੋਮਣੀ ਕਮੇਟੀ ਦਾ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇਹਧਾਰੀਆਂ ਨੂੰ ਅੰਦਰੋ ਮੰਨਦਾ ਹੈ—ਬੰਡਾਲਾ



**ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :—** ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਯਕੀਨਨ ਜਿਹੜੇ ਪਾਪਾ ਨੂੰ ਬਾਦਲ ਪਰਿਵਾਰ ਮਰ ਕੇ ਨਰਕ ਦੀ ਮਾਰ ਸਹਿ ਰਿਹਾ ਉਸੇ ਤਰ੍ਹਾਂ ਪੰਥ ਨਾਲ ਸਿਆਸੀ ਚਾਲਾ ਖੇਡਦਿਆਂ ਬਾਦਲ ਪਰਿਵਾਰ ਦੀ ਕੁਰਸੀ ਲਈ ਸਰੋਮਣੀ ਕਮੇਟੀ ਦਾ ਪ੍ਰਧਾਨ ਪੁਸ਼ਤਪਨਾਹੀ ਕਰ ਰਿਹਾ ਹੈ ਜਿਹੜੇ ਨਰਕ ਬਾਦਲ ਭੋਗ ਰਿਹਾ ਉਹੀ ਨਰਕ ਧਾਮੀ ਨੂ ਭੋਗਣੇ ਪੈਣੇ ਹਨ। ਗੱਲਬਾਤ ਕਰਦਿਆਂ ਬੰਡਾਲਾ ਨੇ ਦੋਸ਼ ਲਾਉਂਦਿਆਂ ਕਿਹਾ ਕਿ ਪੜਿਆ ਮੂਰਖ ਆਖੀਐ ਇਹ ਐਡਵੋਕੇਟ ਹੈ ਇਸ ਨੂੰ ਪਤਾ ਹੈ ਸ਼ਿਪਲਾ ਹੋਇਆ ਫਿਰਦਾ ਹੈ ਸਰਸੇ ਵਾਲੇ ਬਲਾਤਕਾਰੀ ਸਾਧ ਲਈ ਬਾਦਲ ਪਰਿਵਾਰ ਨੇ ਧੰਨ ਸਿਰੀ ਗੁਰੂ ਗਰੰਥ ਸਾਹਿਬ ਜੀ ਨੂੰ ਕਿਵੇ ਆਪਨੇ ਪਿਤਾ ਬਦਮਾਸ਼ ਸਰਸੇ ਵਾਲੇ ਦੀਆਂ ਵੋਟਾਂ ਲੈਣ ਲਈ ਗੰਦੀਆਂ ਨਾਲੀਆਂ ਵਿਚ ਰੋਲਿਆ ਉਨ੍ਹਾਂ ਨੂੰ ਫੜਨ ਦੀ ਬਜਾਏ ਗ੍ਰੰਥੀਆਂ ਨੂੰ ਬਿਜਲੀ ਦੇ ਕਰੰਟ ਲਾਏ ਨਾਮ ਜਪਦੀ ਸੰਗਤ ਤੇ ਗੰਦਾ ਪਾਣੀ ਸੁਟਿਆ ਗੋਲੀਆਂ ਚਲਾਈਆਂ ਸਿੰਘ ਸ਼ਹੀਦ ਕੀਤੇ ਪੰਜ ਪਿਆਰੇ ਰਾਗੀ ਢਾਡੀ ਨੌਕਰੀਆਂ ਤੋਂ ਫਾਰਗ ਕਰ ਦਿੱਤੇ ਚਾਲੀ ਸਿੰਘ ਵੱਡੇ ਬਾਦਲ ਦੇ ਹੁਕਮ ਨਾਲ ਸ਼ਹੀਦ ਹੋਏ ਸੁਖਬੀਰ ਅਜੇ ਉਪ ਮੁੱਖ ਮੰਤਰੀ ਸੀ ਤੀਹ ਸਿੰਘਾਂ ਨੂੰ ਗੋਲੀਆਂ ਮਾਰ ਗਿਆ ਸਿਰੀ ਅਕਾਲ ਤਖਤ ਸਾਹਿਬ ਤੇ ਮਾਫੀ ਦਾ ਡਰਾਮਾ ਕੀਤਾ ਇਹ ਸਾਰੇ ਕੁਕਰਮ ਖਾਲਸਾ ਰਾਜ ਵਿਚ ਖੁਲਣਗੇ ਸੁਚਾ ਨੰਦ ਵਾਗ ਇਹਨਾ ਦੀ ਕੁਲ ਵੀ ਚੰਡਾਲਾ ਦੇ ਘਰਾ ਵਿਚ ਜਾਵੇਗੀ ਧਾਮੀ ਜੀ ਆਪ ਕਬੂਤਰ ਵਾਂਗ ਅਖਾ ਮੀਟ ਕੇ ਜੁਲਮ ਵੇਖ ਕੇ ਚਲਾਕੀਆਂ ਕਰਨ ਵਾਲੇ ਸਿਆਸੀ ਚਲਾਕ ਆਦਮੀ ਹੋ ਬਖਸ਼ਿਆ ਨਹੀਂ ਜਾਵੇਗਾ ਸੰਤ ਜਰਨੈਲ ਸਿੰਘ ਜੀ ਦਾ ਲੰਗਰ ਹਾਲ ਤੇ ਐਲਾਨ ਸੀ ਸਰੋਮਣੀ ਅਕਾਲੀ ਦਲ ਤੇ ਕਮੇਟੀ ਦੇ ਪਰਧਾਨ ਮੋਹਨ ਸਿੰਘ ਤੁੜ ਨੂੰ ਛਡ ਕੇ ਸਾਰੇ ਨਰਕਾਂ ਵਿਚ ਗਏ ਉਥੇ ਸਚੇ ਹੀ ਸਚੁ ਨਿਬੜੈ ਇਹ ਪਾਪ ਜਗਦੀ ਜੋਤ ਗੁਰੂ ਗਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਲਈ ਖੇਡੇ ਗਏ ਕਦੀ ਇਸ ਪ੍ਰਧਾਨ ਨੇ ਗਰੀਬ ਗਰੰਥੀਆਂ ਦੀ ਸਾਰ ਲਈ ਅੱਠ ਹਜਾਰ ਵਿਚ ਪਰਿਵਾਰ ਦਾ ਗੁਜਾਰਾ ਹੋ ਸਕਦਾ ਹੈ ਤੰਤੀ ਸਾਜ ਸਿਖਣਾ ਬਹੁਤ ਔਖਾ ਹੈ ਤੰਤੀ ਸਾਜ ਵਾਲੇ ਰਾਗੀ ਨੂੰ ਨੌ ਹਜਾਰ ਅਸੀਂ ਸੀ.ਬੀ.ਆਈ ਨੂੰ ਦਰਖਾਸਤ ਕਰਦੇ ਹਾਂ ਸਰੋਮਣੀ ਕਮੇਟੀ ਦੇ ਸਕੱਤਰਾਂ ਦੀ ਪੜਤਾਲ ਕੀਤੀ ਜਾਵੇ ਕਰੋੜਾ ਦੇ ਘਪਲੇ ਗੁਰੂ ਦੀ ਗੋਲਕ ਦੇ ਸਾਹਮਣੇ ਆਉਣਗੇ ਸ਼੍ਰੋਮਣੀ ਕਮੇਟੀ ਦੇ ਨਿਯੁਕਤ ਕੀਤੇ ਜੱਜ ਵੀ ਸਕੱਤਰਾਂ ਨੇ ਵਸ ਵਿਚ ਕੀਤੇ ਹਨ ਕੀ ਇਹ ਲੋਕ ਇਥੇ ਤਾਂ ਤਾਕਤ ਦੇ ਜੋਰ ਨਾਲ ਪੜਦੇ ਪਾ ਲੈਣਗੇ ਧਰਮਰਾਜ ਦੀ ਵੀ ਅਦਾਲਤ ਹੈ ਚਿਤਰ ਗੁਪਤ ਜਬ ਲੇਖਾ ਮਾਗੈ ਫਿਰ ਧਾਮੀ ਜੀ ਉਥੇ ਵਕਾਲਤ ਕਰੋਗੇ ਪੰਥਕ ਜਥੇਬੰਦੀਆਂ ਨੂੰ ਸ੍ਰੋਮਣੀ ਕਮੇਟੀ ਦੇ ਮਸੰਦਾ ਤੋਂ ਕਬਜਾ ਖਤਮ ਕਰਨ ਲਈ ਬਹੁਤ ਕੁਰਬਾਨੀਆਂ ਕਰਨੀਆਂ ਪੈਣੀਆਂ ਹਨ ਚੇਤੂ ਮਸੰਦ ਨੂੰ ਕਮੇਟੀ ਦੇ ਮੈਬਰ ਤੇ ਪ੍ਰਧਾਨ ਮਾਤ ਪਾ ਰਹੈ ਹਨ ਕਹਿੰਦੇ ਬਾਦਲ ਮਜੀਠੀਆ ਨੇ ਘਰਾਂ ਵਿਚ ਗੁਰੂ ਗ੍ਰੰਥ ਸਾਹਿਬ ਰਖਿਆ ਜਿਹੜਾ ਗੰਦੀਆਂ ਨਾਲੀਆਂ ਵਿਚ ਰੋਲਿਆ ਉਹ ਗੁਰੂ ਹੋਰ ਸੀ ਮੂਹ ਵਿਚ ਰਾਮ ਰਾਮ ਬਗਲ ਮੇ ਛੂਰੀ ਇਹ ਪਾਪ ਪੂਰੇ ਸਿਰੀ ਗਰੰਥ ਸਾਹਿਬ ਜੀ ਹੀ ਫੜ ਸਕਦੇ ਹਨ ਲੋਕਾਂ ਨੂੰ ਇਹ ਲੀਡਰ ਗੁਮਰਾਹ ਕਰ ਜਾਦੇ ਹਨ।

### ਬਲਬੀਰ ਸਿੰਘ ਬੇਲੀ ਦੀ ਕਿਤਾਬ

# ‘ਸ਼੍ਰੋਮਣੀ ਭਗਤ ਨਾਮਦੇਵ ਜੀ’ ਲੋਕ ਅਰਪਣ




**ਚੌਕ ਮਹਿਤਾ, 27 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ ਤਰਨਤਾਰਨ ਵੱਲੋਂ ਸਭਾ ਦੇ ਸਰਪਰਸਤ ਸ: ਬਲਬੀਰ ਸਿੰਘ ਭੈਲ ਦੀ ਪ੍ਰਧਾਨਗੀ ਹੇਠ ਇੱਕ ਸਾਹਿਤਕ ਪ੍ਰੋਗਰਾਮ ਕਰਵਾਇਆ ਗਿਆ । ਜਿਸ ਵਿੱਚ ਉੱਘੇ ਸਾਹਿਤਕਾਰ ਬਲਬੀਰ ਸਿੰਘ ਬੇਲੀ ਦੀ ਕਿਤਾਬ “ਕਵੀਸ਼ਰੀ ਪ੍ਰਸੰਗ ਜੀਵਨ-ਬ੍ਰਿਤਾਂਤ ਸ਼੍ਰੋਮਣੀ ਭਗਤ ਨਾਮਦੇਵ ਜੀ” ਲੋਕ ਅਰਪਣ ਕੀਤੀ ਗਈ । ਜਿਸ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਭਗਤ ਨਾਮਦੇਵ ਜੀ ਦੇ ਪ੍ਰਧਾਨ ਗੁਰਮੀਤ ਸਿੰਘ ਬਾਊ, ਮੈਨੇਜਰ ਹਰਭਜਨ ਸਿੰਘ ਮੈਨੇਜਰ ਅਤੇ ਸਮੁੱਚੀ ਟੀਮ ਵਿਸ਼ੇਸ਼ ਤੌਰ ’ਤੇ ਪੁੱਜੀ । ਇਸ ਮੌਕੇ ਸੁਖਵੰਤ ਸਿੰਘ ਧਾਮੀ ਪ੍ਰਧਾਨ ਸਿਟੀਜਨ ਕੌਂਸਲ ਅਤੇ ਅਤੇ ਸਰਪ੍ਰਸਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਤਰਨਤਾਰਨ, ਡਾ: ਸੁਖਦੇਵ ਸਿੰਘ ਲੋਹੁਕਾ ਸਾਬਕਾ ਕੌਂਸਲਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਨੇ ਆਪਣੇ ਸੰਬੋਧਿਨ ਵਿੱਚ ਬਲਬੀਰ ਸਿੰਘ ਬੇਲੀ ਵੱਲੋਂ ਲਿਖੀ ਗਈ ਇਹ ਚੌਥੇ ਕਿਤਾਬ ’ਤੇ ਬੋਲਦੇ ਹੋਏ ਕਿਹਾ ਕਿ ਕਦੇ ਕਿਸੇ ਨੇ ਸੋਚਿਆ ਵੀ ਨਹੀਂ ਹੋਣਾ ਕਿ ਗੁਰੂ ਘਰ ਵਿੱਚ ਗ੍ਰੰਥੀ ਵਜੋਂ ਸੇਵਾ ਨਿਭਾਉਣ ਵਾਲਾ ਕੋਈ ਵਿਅਕਤੀ ਚੰਗੇਰਾ ਧਾਰਮਿਕ ਸਾਹਿਤ ਰਚਣ ਵਾਲੇ ਉੱਘੇ ਲੇਖਕਾਂ ਦੀ ਕਤਾਰ ਵਿੱਚ ਜਾ ਖੜਾ ਹੋਵੇਗਾ । ਸ: ਬਲਬੀਰ ਸਿੰਘ ਬੇਲੀ ਦੀ ਮਿਹਨਤ ਲਗਨ ਅਤੇ ਹਿੰਮਤ ਦੀ ਸਹਾਰਨਾ ਕਰਦੇ ਹੋਏ ਉਹਨਾਂ ਦੀ ਲਿਖੀ ਗਈ ਕਿਤਾਬ ਨੂੰ ਹਰ ਪ੍ਰਾਣੀ ਨੂੰ ਪੜ੍ਹਨ ਦੀ ਅਪੀਲ ਕੀਤੀ । ਇਸ ਤੋਂ ਬਾਅਦ ਸਭਾ ਵੱਲੋਂ ਕਵੀ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ., ਪੱਟੀ, ਜੰਡਿਆਲਾ ਗੁਰੂ, ਤਰਨ ਤਾਰਨ, ਚੁਗਾਵਾਂ ਅਤੇ ਅੰਮ੍ਰਿਤਸਰ ਦੇ ਸਾਹਿਤਕਾਰਾਂ ਨੇ ਇਹ ਸਮਾਗਮ ਵਿੱਚ ਭਾਗ ਲਿਆ। ਬਲਬੀਰ ਸਿੰਘ ਬੇਲੀ ਅਤੇ ਜਸਵਿੰਦਰ ਸਿੰਘ ਢਿੱਲੋਂ ਕਵੀਸ਼ਰੀ ਦੇ ਜਥੇ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਲਿਖੀ ਗਈ ਰਚਨਾ ਕਵੀਆਂ ਦੀ ਬੰਦਨਾ ਹੈ ਜੀ ਤ੍ਰਿਪਤਾ ਦੇ ਲਾਲ ਨੂੰ ਗਾ ਕੇ ਕਵੀ ਦਰਬਾਰ ਦਾ ਅਗਾਜ਼ ਕੀਤਾ ਗਿਆ । ਕਵੀ ਦਰਬਾਰ ਵਿੱਚ ਮਲਕੀਅਤ ਸਿੰਘ ਸੋਚ ਪੱਟੀ, ਸੁਖਵਿੰਦਰ ਸਿੰਘ ਖਾਰਾ, ਜਸਵਿੰਦਰ ਸਿੰਘ ਝਬਾਲ, ਗੁਰਮੀਤ ਸਿੰਘ ਨੂਰਦੀ, ਕੀਰਤ ਪ੍ਰਤਾਪ ਸਿੰਘ ਪੰਨੂ, ਹਰਦਰਸ਼ਨ ਸਿੰਘ ਕਮਲ, ਧਰਮਿੰਦਰ ਸਿੰਘ ਔਲਖ, ਗੁਲਜਾਰ ਸਿੰਘ ਖੇੜਾ, ਹਰਭਜਨ ਸਿੰਘ ਭਗਰੱਥ, ਅਵਤਾਰ ਸਿੰਘ ਗੋਇੰਦਵਾਲ, ਗੁਰਿੰਦਰਪਾਲ ਸਿੰਘ, ਅਜੀਤ ਸਿੰਘ ਨਬੀਪੁਰੀ, ਦਲਜੀਤ ਸਿੰਘ, ਨਾਨਕ ਚੰਦ ਵਿਰਲੀ, ਬਾਬਾ ਬਕਾਲਾ ਸਾਹਿਬ ਤੋਂ ਮਾ: ਮਨਜੀਤ ਸਿੰਘ ਵਸੀ, ਕਾਲੇ ਸ਼ਾਹ ਟਾਂਗਰਾ, ਮੱਖਣ ਸਿੰਘ ਭੈਣੀਵਾਲ, ਰਾਜਵਿੰਦਰ ਕੌਰ ਰਾਜ, ਕਰਮਜੀਤ ਸਿੰਘ ਬਾਸਰਕੇ, ਜਸਵਿੰਦਰ ਸਿੰਘ ਚਾਹਲ, ਬਲਬੀਰ ਸਿੰਘ ਲਹਿਰੀ, ਹਰਿ ਕੀਰਤ ਸਿੰਘ ਕਵੀਆਂ ਨੇ ਆਪਣੀ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ । ਭਾਈ ਮੋਹਨ ਸਿੰਘ ਵੈਦ ਯਾਦਗਰੀ ਲਾਇਬਰੇਰੀ ਤਰਨ ਤਾਰਨ ਦੇ ਇੰਚਾਰਜ ਦੀਦਾਰ ਸਿੰਘ ਨੇ ਲੇਖਕਾਂ ਤੇ ਪਾਠਕਾਂ ਨੂੰ ਅਪੀਲ ਕੀਤੀ ਉਹ ਆਪ ਅਤੇਆਪਣੇ ਬੱਚਿਆਂ ਨੂੰ ਲਾਇਬਰੇਰੀ ਨਾਲ ਜੋੜਨ ਨਵੀਆਂ ਨਵੀਆਂ ਕਿਤਾਬਾਂ ਆਪ ਅਤੇ ਬੱਚਿਆਂ ਨੂੰ ਪੜ੍ਹਾਉਣ । ਸਟੇਜ ਦੀ ਸੇਵਾ ਜਸਵਿੰਦਰ ਸਿੰਘ ਢਿੱਲੋਂ ਨੇ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਦੇ

# ਵਿਦਿਆਰਥੀਆਂ ਨੇ ਚੇਤਨਾ ਪਰਖ ਪ੍ਰੀਖਿਆ ਵਿੱਚ ਦਿੱਤਾ ਇਮਤਿਹਾਨ



**ਚੌਕ ਮਹਿਤਾ, 27 ਅਕਤੂਬਰ (-ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਰਕਸ਼ੀਲਾਂ ਵਿਦਿਆਰਥੀਆਂ ਵਿੱਚ ਵਿਗਿਆਨਿਕ ਚੇਤਨਾ ਵਿਕਸਤ ਕਰਨ ਅਤੇ ਉਹਨਾਂ ਨੂੰ ਵਹਿਮਾਂ ਭਰਮਾਂ, ਅੰਧ ਵਿਸ਼ਵਾਸ਼ਾਂ ਅਤੇ ਸਮਾਜਿਕ ਬੁਰਾਈਆਂ ਤੋਂ ਮੁਕਤ ਕਰਨ ਦੇ ਮਕਸਦ ਵਜੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪੰਜਾਬ ਦੇ ਸੈਂਕੜੇ ਸਕੂਲਾਂ ਵਿੱਚ ਗਦਰੀ ਗੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਚੇਤਨਾ ਪਰਖ ਪ੍ਰੀਖਿਆ ਕਰਵਾਈ ਗਈ ਜਿਸ ਤਹਿਤ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਵਿਖੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਗਈ ।ਇਸ ਪ੍ਰੀਖਿਆ ਦੀ ਤਿਆਰੀ ਲਈ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਮਿਡਲ ਅਤੇ ਸੈਕੰਡਰੀ ਗਰੁੱਪਾਂ ਲਈ ਦੋ ਵੱਖ-ਵੱਖ ਕਿਤਾਬਾਂ ਤਿਆਰ ਕਰਕੇ ਵਿਦਿਆਰਥੀਆਂ ਨੂੰ ਪਹਿਲਾਂ ਮੁਹਈਆ ਕਰਵਾ ਦਿੱਤੀਆਂ ਗਈਆਂ ਸਨ , ਇਸ ਮੌਕੇ ਸਤਨਾਮ ਸਿੰਘ ਜੱਜ ਨੇ ਦੱਸਿਆ ਕਿ ਇਸ ਪ੍ਰੀਖਿਆ ਦਾ ਨਤੀਜਾ ਬਹੁਤ ਜਲਦੀ ਐਲਾਨਿਆ ਜਾਏਗਾ ਅਤੇ ਸੂਬੇ ਅਤੇ ਇਕਾਈ ਪੱਧਰ ਤੇ ਮੈਰਿਟ ਵਿੱਚ ਆਉਣ ਵਾਲੇ ਮਿਡਲ ਅਤੇ ਸੈਕੰਡਰੀ ਗਰੁੱਪ ਦੇ ਵੱਖ ਵੱਖ ਵਿਦਿਆਰਥੀਆਂ ਨੂੰ ਨਗਦ ਇਨਾਮ, ਤਰਕਸ਼ੀਲ ਕਿਤਾਬਾਂ, ਯਾਦਗਾਰੀ ਚਿੰਨ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਵਿਗਿਆਨ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਅੰਧ ਵਿਸ਼ਵਾਸਾਂ, ਵਹਿਮਾਂ ਭਰਮਾਂ ,ਨਸ਼ਿਆਂ, ਫਿਰਕਾ ਪ੍ਰਸਤੀ ਅਤੇ ਜਿੰਦਗੀ ਦੀਆਂ ਸਮੱਸਿਆਵਾਂ ਦੇ ਟਾਕਰੇ ਲਈ ਵਿਗਿਆਨਿਕ ਦ੍ਰਿਸ਼ਟੀਕੋਣ ਅਪਣਾਉਣ ਦੇ ਲਈ ਵਿਦਿਅਕ ਅਦਾਰਿਆਂ ਵਿੱਚ ਸਮੇਂ-ਸਮੇਂ ਤੇ ਵਿਗਿਆਨਿਕ ਚੇਤਨਾ ਪਰਖ ਪ੍ਰੀਖਿਆ ਬੇਹਦ ਜਰੂਰੀ ਹਨ ਅਤੇ ਤਰਕਸ਼ੀਲ ਸੁਸਾਇਟੀ ਵੱਲੋਂ ਪਿਛਲੇ ਚਾਰ ਦਹਾਕਿਆਂ ਤੋਂ ਲਗਾਤਾਰ ਇਸ ਖੇਤਰ ਵਿੱਚ ਜ਼ਿਮੇਵਾਰੀ ਨਿਭਾਈ ਜਾ ਰਹੀ ਹੈ।

**ਤਰਕਸ਼ੀਲ ਸੁਸਾਇਟੀ ਦਾ ਮੁੱਖ ਮਕਸਦ ਹੈ ਵਿਦਿਆਰਥੀਆਂ ਦੇ ਮਾਨਸਿਕ ਪੱਧਰ ਨੂੰ ਉੱਚਾ ਚੁੱਕਣਾ : ਸਤਨਾਮ ਜੱਜ**

ਸਕੂਲ ਦੇ ਪ੍ਰਿੰਸੀਪਲ ਨੇ ਸ੍ਰੀਮਤੀ ਸੁਖਜੀਤ ਕੌਰ, ਲੈਕ: ਭਜਨ ਸਿੰਘ, ਲੈਕ: ਅਵਤਾਰ ਸਿੰਘ ਚੀਮਾ, ਸ਼੍ਰੀਮਤੀ ਸੰਦੀਪ ਕੌਰ, ਸ੍ਰੀਮਤੀ ਰਮਨਦੀਪ ਕੌਰ, ਮਨਮੋਹਨ ਸਿੰਘ ਅਤੇ ਸੁਖਦੇਵ ਸਿੰਘ ਆਦਿ ਨੇ ਤਰਕਸ਼ੀਲ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆ ਪੂਰਨ ਤੌਰ ਤੇ ਸਹਿਯੋਗ ਦਿੱਤਾ

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਰੇਨਬੋ ਦਾ ਪੋਸਟਰ ਜਾਰੀ




ਫ਼ਿਰੋਜ਼ਪੁਰ, 27 ਅਕਤੂਬਰ (ਮਨੋਹਰ ਲਾਲ) :— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ। ਪ੍ਰਬੰਧਕਾਂ ਨੇ ਦੱਸਿਆ ਕਿ 8 ਨਵੰਬਰ ਨੂੰ ਹੋਣ ਵਾਲੇ ਟੀ.ਬੀ.ਐਸ ਰੇਨਬੋ ਫੈਸਟ ਦਾ ਪੋਸਟਰ ਸਕੂਲ ਦੇ ਵਿਹੜੇ ਵਿੱਚ ਜਾਰੀ ਕੀਤਾ ਗਿਆ। ਇਸ ਮੌਕੇ ਸਕੂਲ ਕੌਂਸਲ ਦੇ ਮੈਂਬਰ, ਪ੍ਰਿੰਸੀਪਲ ਰੇਖਾ ਪਾਸੀ ਅਤੇ ਅਧਿਆਪਕ ਮੌਜੂਦ ਸਨ। ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਸਾਨੂੰ ਇਹ ਪੋਸਟਰ ਜਾਰੀ ਕਰਕੇ ਬਹੁਤ ਖੁਸ਼ੀ ਹੋਈ। ਉਨ੍ਹਾਂ ਕਿਹਾ ਕਿ ਟੀ.ਬੀ.ਐਸ ਰੇਨਬੋ ਫੈਸਟ ਦੀਆਂ ਤਿਆਰੀਆਂ ਪੂਰੇ ਜ਼ੋਰਾਂ—ਸ਼ੋਰਾਂ ਨਾਲ ਚੱਲ ਰਹੀਆਂ ਹਨ। ਇਸ ਸਮਾਗਮ ਦੌਰਾਨ ਲਗਾਏ ਜਾਣ ਵਾਲੇ ਖੇਡ ਮੁਕਾਬਲੇ ਅਤੇ ਸਟਾਲ ਬੱਚਿਆਂ ਵਿੱਚ ਮਾਨਸਿਕ ਅਤੇ ਸਰੀਰਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਹੋਣਗੇ, ਸਿੱਖਿਆ ਦੇ ਨਾਲ—ਨਾਲ ਕਾਰੋਬਾਰ, ਨਿਵੇਸ਼ ਅਤੇ ਨਿੱਜੀ ਖਰਚਿਆਂ ਬਾਰੇ ਜਾਣਕਾਰੀ ਵਿੱਤੀ ਸਾਖਰਤਾ ਪ੍ਰੋਗਰਾਮਾਂ ਰਾਹੀਂ ਪ੍ਰਦਾਨ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਤਾਜਿਕਸਤਾਨ ਵਿੱਚ ਫਸੇ 7 ਪੰਜਾਬੀ ਨੌਜਵਾਨ ਸੁਰੱਖਿਅਤ ਵਾਪਸ ਆਏ




**ਨਵੀਂ ਦਿੱਲੀ 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਸਾਲ 2019 ਵਿੱਚ ਇੱਕ ਧੋਖੇਬਾਜ਼ ਏਜੰਟ ਦੁਆਰਾ ਗੁੰਮਰਾਹ ਕੀਤੇ ਜਾਣ ਤੋਂ ਬਾਅਦ ਤਾਜਿਕਸਤਾਨ ਵਿੱਚ ਫਸੇ ਸੱਤ ਪੰਜਾਬੀ ਨੌਜਵਾਨਾਂ ਨੂੰ ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ (ਰਾਜ ਸਭਾ) ਅਤੇ ਤਾਜਿਕਸਤਾਨ ਵਿੱਚ ਭਾਰਤੀ ਦੂਤਾਵਾਸ ਦੇ ਤੁਰੰਤ ਦਖਲ ਨਾਲ ਸਫਲਤਾਪੂਰਵਕ ਭਾਰਤ ਵਾਪਸ ਭੇਜ ਦਿੱਤਾ ਗਿਆ। ਇਨ੍ਹਾਂ ਦੁਖਿਆਰੇ ਮੁੰਡਿਆਂ ਨੇ 19 ਅਕਤੂਬਰ ਨੂੰ ਤੁਰੰਤ ਮਦਦ ਦੀ ਮੰਗ ਕਰਦੇ ਹੋਏ ਆਪਣੇ ਹਾਲਾਤ ਬਾਰੇ ਇੱਕ ਵੀਡੀਓ ਭੇਜਿਆ ਸੀ, ਜਿਸ ਤੋਂ ਬਾਅਦ ਡਾ. ਸਾਹਨੀ ਨੇ ਤੁਰੰਤ ਉਚਿਤ ਪੱਧਰ ‘ਤੇ ਮਾਮਲਾ ਉਠਾਇਆ ਸੀ। ਡਾ. ਸਾਹਨੀ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦਾ ਦਫ਼ਤਰ ਨੌਜਵਾਨਾਂ ਅਤੇ ਦੂਤਾਵਾਸ ਨਾਲ ਲਗਾਤਾਰ ਸੰਪਰਕ ਵਿੱਚ ਸੀ, ਉਨ੍ਹਾਂ ਦੀ ਵਾਪਸੀ ਦੀ ਸਹੂਲਤ ਲਈ ਉਨ੍ਹਾਂ ਦੀ ਗੂਗਲ ਲੋਕੇਸ਼ਨ ਅਤੇ ਲੋੜੀਂਦੇ ਦਸਤਾਵੇਜ਼ ਭਾਰਤੀ ਦੂਤਾਵਾਸ ਨੂੰ ਉਪਲਬਧ ਕਰਵਾਏ ਗਏ ਸਨ। ਸਾਰੇ ਸੱਤ ਮੁੰਡੇ ਅੱਜ ਦੁਪਹਿਰ ਦਿੱਲੀ ਹਵਾਈ ਅੱਡੇ ’ਤੇ ਪਹੁੰਚੇ, ਜਿੱਥੇ ਡਾ ਸਾਹਨੀ ਦੀ ਟੀਮ ਨੇ ਉਨ੍ਹਾਂ ਦਾ ਸਵਾਗਤ ਕੀਤਾ। ਡਾ. ਸਾਹਨੀ ਨੇ ਕਿਹਾ ਕਿ ਬਚਾ ਕੇ ਲਿਆਂਦੇ ਗਏ ਇਨ੍ਹਾਂ ਮੁੰਡਿਆਂ ਨੂੰ ਪੰਜਾਬ ਵਿੱਚ ਹੀ ਹੁਨਰ ਅਤੇ ਨੌਕਰੀਆਂ ਪ੍ਰਦਾਨ ਕੀਤੀਆਂ ਜਾਣਗੀਆਂ ਅਤੇ ਉਨ੍ਹਾਂ ਦੇ ਸੋਸ਼ਣ ਲਈ ਜ਼ਿੰਮੇਵਾਰ ਬੇਈਮਾਨ ਏਜੰਟ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਵਿੱਚ ਵੀ ਸਹਾਇਤਾ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਜਰੀਵਾਲ ਤੇ ਮਾਨ ਸਰਕਾਰ ਭੁੱਲੀ ਪੰਜਾਬ ਦੀਆਂ ਔਰਤਾਂ ਨਾਲ ਕੀਤਾ ਵਾਅਦਾ - ਸੰਦੀਪ ਅੱਗਰਵਾਲ

## ਬਿਹਾਰ ਵਿੱਚ ਚੋਣੀ ਲਾਲਚ 3000 ਮਹੀਨਾ, ਪਰ ਪੰਜਾਬ ਵਿੱਚ 1000 ਦਾ ਵਾਅਦਾ ਵੀ ਅਧੂਰਾ

**ਬਠਿੰਡਾ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਯੂਵਾ ਮੋਰਚਾ ਦੇ ਸੂਬਾਈ ਨੇਤਾ ਸੰਦੀਪ ਅੱਗਰਵਾਲ ਨੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਇੱਕ ਈਮੇਲ ਰਾਹੀਂ ਪੱਤਰ ਭੇਜ ਕੇ ਤਿੱਖੇ ਸ਼ਬਦਾਂ ਵਿੱਚ ਸਵਾਲ ਉਠਾਇਆ ਹੈ ਕਿ ਆਖ਼ਰ ਪੰਜਾਬ ਦੀਆਂ ਔਰਤਾਂ ਨੂੰ ?1000 ਪ੍ਰਤੀ ਮਹੀਨਾ ਦੇਣ ਦਾ ਚੁਣਾਵੀ ਵਾਅਦਾ ਅਜੇ ਤੱਕ ਕਿਉਂ ਪੂਰਾ ਨਹੀਂ ਹੋਇਆ। ਸੰਦੀਪ ਅੱਗਰਵਾਲ ਨੇ ਆਪਣੇ ਪੱਤਰ ਵਿੱਚ ਲਿਖਿਆ ਕਿ ਪੰਜਾਬ ਦੀਆਂ ਔਰਤਾਂ ਨੂੰ ਸ਼ਕਤੀਸ਼ਾਲੀ ਬਣਾਉਣ ਦੇ ਨਾਮ ’ਤੇ ਕੀਤੇ ਵਾਅਦੇ ਹੁਣ ਸਿਰਫ਼ ਭਾਸ਼ਣਾਂ ਤੱਕ ਹੀ ਸੀਮਿਤ ਰਹਿ ਗਏ ਹਨ। ਇਸ ਦੇ ਨਾਲ ਹੀ ਬਿਹਾਰ ਵਿੱਚ ਚੋਣਾਂ ਤੋਂ ਪਹਿਲਾਂ ਔਰਤਾਂ ਨੂੰ ?3000 ਪ੍ਰਤੀ ਮਹੀਨਾ ਦੇਣ ਦਾ ਨਵਾਂ ਐਲਾਨ ਕਰਨਾ ਇਹ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਲਈ ਪੰਜਾਬ ਦੀ ਜਨਤਾ ਦੀ ਮਹੱਤਤਾ ਸਿਰਫ਼ ਚੋਣਾਂ ਤੱਕ ਹੀ ਸੀ। ਉਨ੍ਹਾਂ ਕਿਹਾ ਕਿ ਜੇ ਪੰਜਾਬ ਵਿੱਚ ਕੀਤਾ ਵਾਅਦਾ ਨਿਭਾਉਣਾ ਮੁਸ਼ਕਲ ਹੈ ਤਾਂ ਬਿਹਾਰ ਵਿੱਚ ਤਿੰਨ ਗੁਣਾ ਵੱਡਾ ਐਲਾਨ ਕਰਨਾ ਸਿਰਫ਼ ਜਨਤਾ ਨੂੰ ਝੂਠ ਬੋਲਣ ਤੇ ਵੋਟਾਂ ਬਟੋਰਣ ਦੀ ਰਾਜਨੀਤੀ ਹੈ। ਅਗਰਵਾਲ ਨੇ ਕੇਜਰੀਵਾਲ ਤੋਂ ਪੁੱਛਿਆ ਕੀ ਪੰਜਾਬ ਦੀਆਂ ਔਰਤਾਂ ਤੁਹਾਡੇ ਲਈ ਸਿਰਫ਼ ਵੋਟ ਬੈਂਕ ਸਨ ? ਉਨ੍ਹਾਂ ਕਿਹਾ ਕਿ ਕੇਜਰੀਵਾਲ ਜੀ ਪੰਜਾਬ ਵਿੱਚ ਤੁਸੀਂ ਭੁੱਲੇ ਵਾਅਦੇ ਹੁਣ ਜਨਤਾ ਤੁਹਾਨੂੰ ਯਾਦ ਕਰਵਾਏਗੀ। ਪੰਜਾਬ ਦੀਆਂ ਔਰਤਾਂ ਕਿਸੇ ਦੀ ਦਇਆ ਦੀ ਨਹੀਂ, ਆਪਣੇ ਹੱਕ ਦੀ ਹਕਦਾਰ ਹਨ। ਸੰਦੀਪ ਅੱਗਰਵਾਲ ਨੇ ਸਵਾਲ ਉਠਾਇਆ ਕਿ ਪੰਜਾਬ ਦੀਆਂ ਔਰਤਾਂ ਨਾਲ ਵਾਅਦਾ ਤੋੜਿਆ ਗਿਆ ਹੈ ਅਤੇ ਹੁਣ ਬਿਹਾਰ ਵਿੱਚ ਨਵੇਂ ਸੁਪਨੇ ਵੇਚੇ ਜਾ ਰਹੇ ਹਨ। ਜੋ ਆਪਣੇ ਹੀ ਰਾਜ ਦੀਆਂ ਬੇਟੀਆਂ ਨਾਲ ਕੀਤਾ ਵਾਅਦਾ ਨਿਭਾ ਨਹੀਂ ਸਕੇ, ਉਹ ਦੇਸ਼ ਦੀਆਂ ਹੋਰ ਬੇਟੀਆਂ ਨਾਲ ਕੀਤੇ ਵਾਅਦੇ ਕਿਵੇਂ ਨਿਭਾਉਣਗੇ। ਅੱਗਰਵਾਲ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਔਰਤਾਂ ਨੂੰ ?1000 ਪ੍ਰਤੀ ਮਹੀਨਾ ਦੀ ਰਕਮ ਦੇਣੀ ਸ਼ੁਰੂ ਕਰੇ ਅਤੇ ਇਹ ਸਪਸ਼ਟ ਕਰੇ ਕਿ ਆਖ਼ਰ ਪੰਜਾਬ ਦੀਆਂ ਔਰਤਾਂ ਨਾਲ ਇਹ ਭੇਦਭਾਵ ਕਿਉਂ ਕੀਤਾ ਜਾ ਰਿਹਾ ਹੈ। ਭਾਜਪਾ ਯੂਵਾ ਮੋਰਚਾ ਨੇਤਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਝੂਠੇ ਵਾਅਦਿਆਂ ਤੇ ਜੁਮਲਿਆਂ ਦੇ ਦੌਰ ਤੋਂ ਬਾਹਰ ਨਿਕਲ ਚੁੱਕੀ ਹੈ। ਕੇਜਰੀਵਾਲ ਤੇ ਮਾਨ ਸਰਕਾਰ ਨੂੰ ਸਮਝਣਾ ਹੋਵੇਗਾ ਕਿ ਪੰਜਾਬ ਕੋਈ ਚੋਣੀ ਪ੍ਰਯੋਗਸ਼ਾਲਾ ਨਹੀਂ ਹੈ। ਇੱਥੇ ਦੀ ਜਨਤਾ ਹੁਣ ਭਾਸ਼ਣ ਨਹੀਂ, ਹਿਸਾਬ ਚਾਹੁੰਦੀ ਹੈ ਜੋ ਆਮ ਆਦਮੀ ਪਾਰਟੀ ਨੂੰ ਹਰ ਕੀਮਤ ’ਤੇ ਦੇਣਾ ਹੀ ਪਵੇਗਾ।

### ਭਗਵੰਤ ਸਿੰਘ ਮਾਨ ਵੱਲੋਂ ਭਾਰਤ ਦੇ ਰਾਸ਼ਟਰਪਤੀ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ

# 350ਵੇਂ ਸ਼ਹੀਦੀ ਦਿਵਸ ਸਮਾਗਮਾਂ ਵਿੱਚ ਸ਼ਾਮਲ ਹੋਣ ਦਾ ਸੱਦਾ



**ਨਵੀਂ ਦਿੱਲੀ 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਰਤ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਪਵਿੱਤਰ ਨਗਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਗਮਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇੱਥੇ ਰਾਸ਼ਟਰਪਤੀ

ਆਵਾਜ਼ਿ ਕੌਮ AWAZE QAUM International Newspaper & WEB TV

ਭਵਨ ਵਿਖੇ ਹੋਈ ਮੀਟਿੰਗ ਵਿੱਚ ਭਗਵੰਤ ਸਿੰਘ ਮਾਨ ਨੇ ਭਾਰਤ ਦੇ ਰਾਸ਼ਟਰਪਤੀ ਨੂੰ ਇਸ ਇਤਿਹਾਸਕ ਮੌਕੇ ਪਵਿੱਤਰ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੇ ਦ੍ਰੋਪਦੀ ਮੁਰਮੂ ਜੀ ਨੂੰ ਇਤਿਹਾਸਕ ਸਮਾਗਮਾਂ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ ਅਤੇ ਉਨ੍ਹਾਂ ਦੇ ਦੌਰੇ ਦੀ ਰੂਪ-ਰੇਖਾ ਨੂੰ ਜਲਦ ਹੀ ਅੰਤਿਮ ਰੂਪ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪਵਿੱਤਰ ਸਮਾਗਮਾਂ ਦਾ ਵਿਸਥਾਰਤ ਰਸਮੀ ਪ੍ਰੋਗਰਾਮ ਭਾਰਤ ਦੇ ਰਾਸ਼ਟਰਪਤੀ ਨਾਲ ਸਾਂਝਾ ਕਰਕੇ ਉਨ੍ਹਾਂ ਨੂੰ ਆਪਣੀ ਸਹੂਲਤ ਅਨੁਸਾਰ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਭਾਰਤ ਦੇ ਰਾਸ਼ਟਰਪਤੀ ਨੂੰ ਦੱਸਿਆ ਕਿ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ ਇਨ੍ਹਾਂ ਪਵਿੱਤਰ ਸਮਾਗਮਾਂ ਨੂੰ ਢੁਕਵੇਂ ਢੰਗ ਨਾਲ ਮਨਾਉਣ ਲਈ ਪਹਿਲਾਂ ਹੀ ਕਈ ਸਮਾਗਮ ਉਲੀਕੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ 'ਹਿੰਦ ਦੀ ਚਾਦਰ' (ਧਰਮ ਦੇ ਰਾਖੇ) ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਇਤਿਹਾਸਕ ਮੌਕੇ ਪੰਜਾਬ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਲੜੀਵਾਰ ਸਮਾਗਮ ਸੂਬੇ ਭਰ ਵਿੱਚ ਅਥਾਹ ਸ਼ਰਧਾ ਤੇ ਸਤਿਕਾਰ ਨਾਲ ਕਰਵਾਏ ਜਾਣਗੇ ਅਤੇ ਇਹ ਇਤਿਹਾਸਕ ਸਮਾਗਮ ਮੁੱਖ ਤੌਰ 'ਤੇ ਸੂਬਾ ਸਰਕਾਰ ਦੀ ਦੇਖ-ਰੇਖ ਹੇਠ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਕਰਵਾਏ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸਮਾਗਮਾਂ ਵਿੱਚ ਵੱਡੀ ਗਿਣਤੀ 'ਚ ਪਹੁੰਚਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਦੇ ਰਹਿਣ ਲਈ "ਚੱਕ ਨਾਨਕੀ" ਨਾਮਕ "ਟੈਂਟ ਸਿਟੀ" ਸਥਾਪਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਗੁਰੂ ਸਾਹਿਬ ਦੇ ਜੀਵਨ-ਦਰਸ਼ਨ ਅਤੇ ਸਦੀਵੀਂ ਸੰਦੇਸ਼ 'ਤੇ ਰੌਸ਼ਨੀ ਪਾਉਂਦੀਆਂ ਪ੍ਰਦਰਸ਼ਨੀਆਂ ਅਤੇ ਡਰੋਨ ਸ਼ੋਆਂ ਤੋਂ ਇਲਾਵਾ ਅੰਤਰ-ਧਰਮ ਸੰਮੇਲਨ ਕਰਵਾਇਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 24 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਵਿਖੇ ਹੋਵੇਗਾ, ਜਿੱਥੇ ਪ੍ਰਮੁੱਖ ਸ਼ਖਸੀਅਤਾਂ ਗੁਰੂ ਸਾਹਿਬ ਦੇ ਜੀਵਨ, ਫ਼ਲਸਫ਼ੇ ਅਤੇ ਧਾਰਮਿਕ ਆਜ਼ਾਦੀ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਉਨ੍ਹਾਂ ਦੀ ਲਾਸਾਨੀ ਸ਼ਹਾਦਤ ਬਾਰੇ ਆਪਣੇ ਵਿਚਾਰ ਸਾਂਝੇ ਕਰਨਗੀਆਂ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ

# ਤਰਨਤਾਰਨ ਜ਼ਿਮਨੀ ਚੋਣ ਦੇ ਜੋਨ ਇੰਚਾਰਜਾਂ ਦੀ ਹੋਈ ਮੀਟਿੰਗ



**ਤਰਨਤਾਰਨ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਤਰਨਤਾਰਨ ਜ਼ਿਮਨੀ ਚੋਣ ਸਬੰਧੀ ਜੋਨ ਇੰਚਾਰਜਾਂ ਦੀ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੀ ਅਗਵਾਈ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਪਰਮਜੀਤ ਸਿੰਘ ਜੌਹਲ ਜੀ ਨੇ ਕੀਤੀ। ਮੀਟਿੰਗ ਵਿੱਚ ਪਾਰਟੀ ਵੱਲੋਂ ਨਿਯੁਕਤ ਸਾਰੀਆਂ ਜੋਨ ਟੀਮਾਂ ਨੇ ਭਾਗ ਲਿਆ ਅਤੇ ਚੋਣ ਪ੍ਰਚਾਰ ਦੀ ਰਣਨੀਤੀ ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਪਰਮਜੀਤ ਸਿੰਘ ਜੌਹਲ ਜੀ ਨੇ ਸਾਰੇ ਜੋਨ



ਇੰਚਾਰਜਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇੱਕ ਪੰਥਕ ਤੇ ਜਨਤਕ ਅੰਦੋਲਨ ਹੈ, ਜੋ ਕਿਸੇ ਭੇਦਭਾਵ ਤੋਂ ਉਪਰ ਉੱਠ ਕੇ ਸਰਬੱਤ ਦੇ ਭਲੇ ਲਈ ਕੰਮ ਕਰ ਰਿਹਾ ਹੈ। ਉਹਨਾਂ ਕਿਹਾ ਕਿ ਹਰ ਜੋਨ ਇੰਚਾਰਜ ਅਤੇ ਉਸਦੀ ਟੀਮ ਦੀ ਜ਼ਿੰਮੇਵਾਰੀ ਹੈ ਕਿ ਬਿਨਾਂ ਕਿਸੇ ਜਾਤੀ, ਧਰਮ ਜਾਂ

ਆਵਾਜ਼ਿ ਕੌਮ AWAZE QAUM International Newspaper & WEB TV

ਪਾਰਟੀ ਪਛਾਣ ਦੇ ਹਰੇਕ ਘਰ ਤੱਕ ਪਹੁੰਚ ਕਰਕੇ ਪੰਥਕ ਵਿਚਾਰ ਤੇ ਭਾਈਚਾਰੇ ਦੀ ਏਕਤਾ ਦਾ ਸੰਦੇਸ਼ ਪਹੁੰਚਾਇਆ ਜਾਵੇ। ਉਹਨਾਂ ਜ਼ੋਰ ਦਿੱਤਾ ਕਿ ਪਾਰਟੀ ਦਾ ਮੁੱਖ ਟੀਚਾ ਸਿਰਫ਼ ਚੋਣ ਜਿੱਤਣਾ ਨਹੀਂ, ਸਗੋਂ ਪੰਜਾਬ ਵਿੱਚ ਸੱਚੀ ਤੇ ਸਾਫ਼ ਸਿਆਸਤ ਦਾ ਦੁਬਾਰਾ ਜਨਮ ਕਰਨਾ ਹੈ। ਜੌਹਲ ਜੀ ਨੇ ਕਿਹਾ ਕਿ ਹਰੇਕ ਵਰਕਰ ਨੂੰ ਆਪਣੇ ਖੇਤਰ ਵਿੱਚ ਸੱਚਾਈ, ਸੇਵਾ ਅਤੇ ਪੰਥਕ ਮਰਯਾਦਾ ਦਾ ਪ੍ਰਤੀਕ ਬਣਨਾ ਹੋਵੇਗਾ। ਮੀਟਿੰਗ ਦੌਰਾਨ ਹਾਜ਼ਰ ਸਾਰੇ ਜੋਨ ਇੰਚਾਰਜਾਂ ਨੇ ਵੀ ਆਪਣੀ-ਆਪਣੀ ਟੀਮ ਦੀਆਂ ਤਿਆਰੀਆਂ ਅਤੇ ਖੇਤਰੀ ਹਾਲਾਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਪਾਰਟੀ ਦੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਹਲਕਾ ਤਰਨਤਾਰਨ ਤੋਂ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਤੋਂ ਇਲਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੀਨੀਅਰ ਲੀਡਰਸ਼ਿਪ ਵਿੱਚੋਂ ਸ੍ਰ ਬਾਬੂ ਸਿੰਘ ਬਰਾੜ, ਸ੍ਰ ਕਾਬਲ ਸਿੰਘ, ਭਾਈ ਅਮਰਜੀਤ ਸਿੰਘ ਵੰਨਚਿੜੀ, ਹਰਭਜਨ ਸਿੰਘ ਤੁੜ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਸ਼ਮਸ਼ੇਰ ਸਿੰਘ ਪੱਧਰੀ, ਦਲਜੀਤ ਸਿੰਘ ਜਵੰਦਾ, ਬੀਬੀ ਮਨਜੀਤ ਕੌਰ, ਨਰਿੰਦਰ ਸਿੰਘ ਕਲਸੀਆਂ, ਸਵਰਨ ਸਿੰਘ ਗੋਲਡਨ, ਕੁਲਬੀਰ ਸਿੰਘ ਗੰਡੀਵਿੰਡ, ਕਰਨਵੀਰ ਸਿੰਘ, ਮਨਜਿੰਦਰ ਸਿੰਘ ਕਲੇਰ, ਭਾਈ ਨਿਰਵੈਰ ਸਿੰਘ, ਭਾਈ ਗੁਰਪ੍ਰੀਤ ਸਿੰਘ ਬੱਲੋ, ਬਾਬਾ ਹਰਪ੍ਰੀਤ ਸਿੰਘ, ਭਾਈ ਗੁਰਲਾਲ ਸਿੰਘ, ਭਾਈ ਦਇਆ ਸਿੰਘ, ਭਾਈ ਜਸਕਰਨ ਸਿੰਘ ਲੋਪੋਕੇ, ਜੁਗਰਾਜ ਸਿੰਘ ਭੰਗਵਾਂ, ਜੁਗਰਾਜ ਸਿੰਘ ਲਾਲਾਨੰਗਲ, ਤੇਜਿੰਦਰ ਸਿੰਘ ਮੁਕਤਸਰ, ਅਮਰਜੀਤ ਸਿੰਘ ਸੋਨੂੰ ਪੰਡੋਰੀ, ਰਣਜੀਤ ਸਿੰਘ ਰਾਣਾਂ ਅਤੇ ਗੁਰਵਿੰਦਰ ਸਿੰਘ ਲੋਪੋਕੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਹਾਜਰ ਸਨ।

**ਸਾਰੀਆਂ ਜੋਨ ਟੀਮਾਂ ਬਿਨਾਂ ਕਿਸੇ ਭੇਦਭਾਵ ਹਰੇਕ ਘਰ ਤੱਕ ਪਹੁੰਚਣ, ਇਹ ਸਮੁੱਚੀ ਕੌਮ ਦੀ ਲੜਾਈ : ਪਰਮਜੀਤ ਸਿੰਘ ਜੌਹਲ**

## ਤਖ਼ਤ ਪਟਨਾ ਸਾਹਿਬ ਤੋਂ ਸ਼ੁਰੂ ਹੋਈ ਸ਼ਹੀਦੀ ਜਾਗ੍ਰਿਤੀ ਯਾਤਰਾ ਦੀ 28 ਤਾਰੀਖ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖ਼ੇ ਹੋਵੇਗੀ ਸੰਪੂਰਣਤਾ



**ਨਵੀਂ ਦਿੱਲੀ, 27 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਪਟਨਾ ਸਾਹਿਬ ਤੋਂ ਸ਼੍ਰੀ ਗੁਰੂ ਤੇਗ. ਬਹਾਦੁਰ ਜੀ ਦੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼ਹੀਦੀ ਜਾਗਰਤੀ ਯਾਤਰਾ ਜੋ ਪਿਛਲੇ 17 ਸਤੰਬਰ ਨੂੰ ਸ਼ੁਰੂ ਹੋਈ ਸੀ, ਲਗਭਗ 48 ਦਿਨਾਂ ਦਾ ਸਫ਼ਰ ਤੈਅ ਕਰਨ ਤੋਂ ਬਾਅਦ 28 ਅਕਤੂਬਰ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਣ ਹੋਵੇਗੀ। ਇਸ ਤੋਂ ਬਾਅਦ ਗੁਰੂ ਮਹਾਰਾਜ ਦੇ ਪਾਵਨ ਸਵਰੂਪ ਅਤੇ ਗੁਰੂ ਮਹਾਰਾਜ ਦੇ ਸ਼ਸਤਰਾਂ ਨੂੰ ਚਾਰਟਰ

ਆਵਾਜ਼ਿ ਕੌਮ AWAZE QAUM International Newspaper & WEB TV

ਹਵਾਈ ਜਹਾਜ਼ ਰਾਹੀਂ ਤਖ਼ਤ ਪਟਨਾ ਸਾਹਿਬ ਲਿਆਂਦਾ ਜਾਵੇਗਾ। ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਤਖ਼ਤ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਅਤੇ ਚੀਫ਼ ਖਾਲਸਾ ਦੀਵਾਨ ਮਹਾਰਾਸ਼ਟਰ ਦੇ ਪ੍ਰਧਾਨ ਸ. ਗੁਰਿੰਦਰ ਸਿੰਘ ਬਾਵਾ ਦੇ ਵਿਸ਼ੇਸ਼ ਸਹਿਯੋਗ ਨਾਲ ਇਹ ਪਵਿੱਤਰ ਸਵਰੂਪ ਅਤੇ ਸ਼ਸਤਰ ਚਾਰਟਰ ਹਵਾਈ ਜਹਾਜ਼ ਰਾਹੀਂ ਤਖ਼ਤ ਪਟਨਾ ਸਾਹਿਬ ਪਹੁੰਚਾਏ ਜਾਣਗੇ। ਪਟਨਾ ਹਵਾਈ ਅੱਡੇ ਤੋਂ ਇਨ੍ਹਾਂ ਨੂੰ ਨਗਰ ਕੀਰਤਨ ਦੇ ਰੂਪ ਵਿੱਚ ਤਖ਼ਤ ਪਟਨਾ ਸਾਹਿਬ ਤੱਕ ਲਿਆਂਦਾ ਜਾਵੇਗਾ। ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ 48 ਦਿਨਾਂ ਦੇ ਇਸ ਸਫ਼ਰ ਵਿੱਚ ਹਜ਼ਾਰਾਂ ਮੀਲ ਤੈਅ ਕਰਦਿਆਂ ਸ਼ਹੀਦੀ ਜਾਗਰਤੀ ਯਾਤਰਾ 27 ਤਾਰੀਖ ਨੂੰ ਸ਼੍ਰੀ ਅਨੰਦਪੁਰ ਸਾਹਿਬ ਪਹੁੰਚੇਗੀ ਅਤੇ 28 ਤਾਰੀਖ ਦੀ ਸਵੇਰੇ ਇਸ ਯਾਤਰਾ ਦੀ ਸੰਪੂਰਣਤਾ ਹੋਵੇਗੀ। ਇਸ ਤੋਂ ਬਾਅਦ ਗੁਰੂ ਮਹਾਰਾਜ ਦੇ ਪਾਵਨ ਸਵਰੂਪ ਅਤੇ ਸ਼ਸਤਰਾਂ ਨੂੰ ਅੰਬਾਲਾ ਹਵਾਈ ਅੱਡੇ ਤੋਂ ਚਾਰਟਰ ਜਹਾਜ਼ ਰਾਹੀਂ ਪਟਨਾ ਭੇਜਿਆ ਜਾਵੇਗਾ। ਸ. ਜਗਜੋਤ ਸਿੰਘ ਸੋਹੀ ਨੇ ਸ.ਗੁਰਿੰਦਰ ਸਿੰਘ ਬਾਵਾ ਅਤੇ ਚੀਫ਼ ਖਾਲਸਾ ਦੀਵਾਨ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ।

## ਚਾਰ ਰੋਜ਼ਾ ਇਤਿਹਾਸਕ ਮੇਲੇ ਤੇ ਸੇਵਾਦਾਰਾਂ ਵੱਲੋਂ ਆਪਣੀਆਂ ਡਿਊਟੀਆਂ ਤਨ ਮਨ ਬਾਬਾ ਦੀਦਾਰ ਸਿੰਘ ਨੇ ਕੀਤਾ ਧੰਨਵਾਦ



**ਚੌਕ ਮਹਿਤਾ, 27 ਅਕਤੂਬਰ ( ਬਾਬਾ ਸੁਖਦੇਵ ਸਿੰਘ ਚੰਨਣਕੇ)**-ਧੰਨ ਧੰਨ ਬ੍ਰਹਮ ਗਿਆਨੀ ਪੁੱਤਰਾਂ ਦੇ ਦਾਨੀ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਚਾਰ ਰੋਜਾ ਜਨਮ ਦਿਹਾੜੇ ਇਤਿਹਾਸਕ ਮੇਲੇ ਤੇ ਵੱਡੀ ਗਿਣਤੀ ਵਿੱਚ ਸੰਗਤਾਂ

ਆਵਾਜ਼ਿ ਕੌਮ AWAZE QAUM International Newspaper & WEB TV

ਦੇ ਪਹੁੰਚਣ ਤੇ ਡੇਰਾ ਬਾਬਾ ਬੁੱਢਾ ਸਾਹਿਬ ਜੀ ਜਨਮ ਸਥਾਨ ਪਹੁੰਚਣ ਤੇ ਵੱਡੇ ਗਿਣਤੀ ਵਿੱਚ ਸੇਵਾਦਾਰਾਂ ਵੱਲੋਂ ਲੰਗਰ ਲਗਾਉਣ ਤੇ ਸੰਗਤਾਂ ਦੀ ਸੇਵਾ ਕਰਨ ਤੇ ਸਵਾਸ ਤੇ ਵੀ ਸੰਸਥਾਵਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਦੀਦਾਰ ਸਿੰਘ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਨਮਸਤਕ ਹੁੰਦੀਆਂ ਹਨ ਅਤੇ ਸਮਾਜ ਸੇਵੀ ਅਤੇ ਇਲਾਕਾ ਨਿਵਾਸੀਆਂ ਵੱਲੋਂ ਵੱਡੀ ਪੱਧਰ ਤੇ ਸੰਗਤਾਂ ਦੀ ਸੇਵਾ ਲਈ ਅੱਗੇ ਆਉਣ ਤੇ ਉਹਨਾਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ ਤੇ ਸਮਾਜ ਸੇਵਾਦਾਰਾਂ ਦਾ ਧੰਨਵਾਦ ਕੀਤਾ ਹੈ ਇਸ ਮੌਕੇ ਸੇਵਾਦਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

### ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੇਵਲ ਸਿੱਖਾਂ ਦੇ ਹੀ ਨਹੀਂ ਸਗੋਂ

# ਸਮੁੱਚੀ ਮਾਨਵਤਾ ਦੇ ਰਹਿਬਰ - ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ)





**ਅੰਮ੍ਰਿਤਸਰ, 27ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਮਿਤੀ 23 ਅਕਤੂਬਰ ਤੋਂ 27ਅਕਤੂਬਰ ਤੱਕ ਚਲੇ ਗੁਰਮਤਿ ਸਮਾਗਮਾਂ ਦੇ ਸਮਾਪਤੀ ਦਾ ਨਗਰ ਕੀਰਤਨ 27 ਅਕਤੂਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਤੋਂ ਬਾਅਦ ਦੁਪਹਿਰ ਤਿੰਨ ਵਜੇ ਆਰੰਭ ਹੋਇਆ। ਜੋ ਕਿ ਸ਼ਹਿਰ ਦੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਰਾਤ ਤਖ਼ਤ ਸੱਚਖੰਡ ਸਾਹਿਬ ਵਿਖੇ ਵਾਪਿਸ ਪੁੱਜਿਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਾਹੁਨਮਾਈ ਹੇਠ ਤਖ਼ਤ ਸੱਚਖੰਡ ਸਾਹਿਬ ਦੇ ਮਾਨਯੋਗ ਜਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ, ਸਮੂੰਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਅਤੇ ਡਾ. ਵਿਜੇ ਸਤਬੀਰ ਸਿੰਘ ਜੀ ਮੁੱਖ ਪ੍ਰਬੰਧਕ, ਗੁਰਦੁਆਰਾ ਸੱਚਖੰਡ ਬੋਰਡ ਦੇ ਦਿਸ਼ਾ ਨਿਰਦੇਸ਼ ਅਧੀਨ ਮਿਤੀ 23 ਅਕਤੂਬਰ ਤੋਂ 27 ਅਕਤੂਬਰ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਹੋਏ ਜਿਸ ਵਿੱਚ ਪੰਥ ਦੀਆਂ ਮਹਾਨ ਸਖਸ਼ੀਅਤਾਂ ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਵਾਲੇ, ਬਾਬਾ ਬਲਵੀਰ ਸਿੰਘ ਜੀ ਬੁੱਢਾ ਤੇ ਦਲ ਦੇਸ਼ ਵਿਦੇਸ਼ ਤੋਂ ਹਜਾਰਾਂ ਸੰਗਤਾਂ ਨਤਮਸਤਕ ਹੋਈਆਂ। ਭਾਈ ਨਿਰਵੈਰ ਸਿੰਘ ਜੀ ਹਜ਼ੂਰੀ ਰਾਗੀ, ਭਾਈ ਸੁਖਵਿੰਦਰ ਸਿੰਘ ਜੀ ਕਥਾਵਾਰਕ, ਭਾਈ ਜਬਰਤੋੜ ਸਿੰਘ ਜੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਸਕਰਨ ਸਿੰਘ ਜੀ. ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗਿਆਨੀ ਸਰਬਜੀਤ ਸਿੰਘ ਜੀ ਲੁਧਿਆਣਾ, ਭਾਈ ਮਨਰਾਜ ਸਿੰਘ ਜੀ ਸ਼ਾਹਬਾਦ, ਭਾਈ ਰਣਜੀਤ ਸਿੰਘ ਜੀ ਹਜ਼ੂਰੀ ਰਾਗੀ, ਭਾਈ ਗੁਰਵਿੰਦਰ ਸਿੰਘ ਜੀ ਰੁਦ੍ਰਪੁਰਵਾਲੇ, ਭਾਈ ਚਰਨਜੀਤ ਸਿੰਘ ਜੀ ਹੀਰਾ ਦਿੱਲੀ, ਗਿਆਨੀ ਹਰਿੰਦਰ ਸਿੰਘ ਜੀ ਅਲਵਰ, ਭਾਈ ਬਲਬੀਰ ਸਿੰਘ ਜੀ ਚੰਡੀਗੜ੍ਹ, ਭਾਈ ਤੇਜਵੰਤ ਸਿੰਘ ਹਜ਼ੂਰੀ ਰਾਗੀ ਆਦਿ ਨੇ ਵਿਸ਼ੇਸ਼ ਤੌਰਤੇ ਹਾਜ਼ਰੀਆਂ ਭਰੀਆਂ। ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਜੀ ਅਤੇ ਸ੍ਰ. ਜਸਵੰਤ ਸਿੰਘ ਜੀ ਬੌਬੀ ਨੇ ਸਮੂੰਹ ਸੰਗਤਾਂ ਨੂੰ ਗੁਰਪੁਰਬ ਦੂਜ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕੇਵਲ ਸਿੱਖਾਂ ਦੇ ਹੀ ਨਹੀਂ ਸਗੋਂ ਸਮੁੱਚੀ ਮਾਨਵਤਾ ਦੇ ਰਹਿਬਰ ਹਨ ਅਤੇ ਗੁਰਦੁਆਰਾ ਸੱਚਖੰਡ ਬੋਰਡ ਵੱਲੋਂ ਚਲ ਰਹੇ ਵਿਕਾਸ ਕੰਮਾਂ ਦੀ ਜਾਣਕਾਰੀ ਦਿੱਤੀ ਤੇ ਦੇਸ਼ ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਹਲਕਾ ਤਰਨਤਾਰਨ ਵਿੱਚ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਦੀ ਲਹਿਰ ਨੇ ਫੜਿਆ

### ਤਰਨਤਾਰਨ ਹਲਕੇ ਦੇ ਅੱਡਾ ਝਬਾਲ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਮਨਦੀਪ ਸਿੰਘ ਨਾਲ ਡੋਰ ਟੂ ਡੋਰ



**ਤਰਨਤਾਰਨ, 27 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਜੀ ਦੀ ਅਗਵਾਈ ਹੇਠ ਅੱਡਾ ਝਬਾਲ ਵਿੱਚ ਇੱਕ ਜੋਸ਼ ਭਰਿਆ ਡੋਰ ਟੂ ਡੋਰ ਪ੍ਰਚਾਰ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਖੇਤਰ ਦੇ ਪਾਰਟੀ ਵਰਕਰਾਂ ਅਤੇ ਸਹਿਯੋਗੀਆਂ ਨੇ ਘਰ-ਘਰ ਜਾ ਕੇ ਪੰਥਕ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਇਆ ਅਤੇ ਪੰਜਾਬ ਦੀ ਰਾਜਨੀਤੀ ਵਿੱਚ ਸੱਚਾਈ, ਸੇਵਾ ਤੇ ਪੰਥਕ ਮਰਯਾਦਾ ਦੀ ਲੋੜ ਬਾਰੇ ਜਾਗਰੂਕਤਾ ਪੈਦਾ ਕੀਤੀ। ਭਾਈ ਮਨਦੀਪ ਸਿੰਘ ਜੀ ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਸਭ ਤੋਂ ਵੱਧ ਜ਼ਰੂਰਤ ਇਕ ਇਮਾਨਦਾਰ ਤੇ ਪੰਥਕ ਆਵਾਜ਼ ਦੀ ਹੈ, ਜੋ ਬੇਸਹਾਰਿਆਂ ਦੀ ਅਵਾਜ਼ ਬਣੇ ਅਤੇ ਪੰਜਾਬ ਨੂੰ ਦੋਬਾਰਾ ਉਸਦੀ ਸ਼ਾਨ ਤੇ ਸਤਿਕਾਰ ਦੀ ਮੰਜ਼ਿਲ 'ਤੇ ਲੈ ਕੇ ਜਾਵੇ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਕਿਸੇ ਪਾਰਟੀ ਦੇ ਵਿਰੋਧ ਲਈ ਨਹੀਂ, ਸਗੋਂ ਸਰਬੱਤ ਦੇ ਭਲੇ ਅਤੇ ਪੰਥਕ ਲਈ ਮੈਦਾਨ 'ਚ ਹੈ। ਇਸ ਪ੍ਰਚਾਰ ਦੌਰਾਨ ਦੁਕਾਨਦਾਰਾਂ, ਵਪਾਰੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਭਾਈ ਸਾਹਿਬ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਨ੍ਹਾਂ ਦੇ ਹੱਕ ਵਿੱਚ ਖੁੱਲ੍ਹਾ ਸਮਰਥਨ ਜਤਾਇਆ। ਅੱਡਾ ਝਬਾਲ ਹੀ ਨਹੀਂ, ਲਾਗੇ ਪਿੰਡਾਂ ਤੋਂ ਆਏ ਗ੍ਰਾਹਕਾਂ ਅਤੇ ਸਮਰਥਕਾਂ ਨੇ ਵੀ ਕਿਹਾ ਕਿ ਇਸ ਵਾਰ ਉਹ ਪੰਥਕ ਹਿੱਤਾਂ ਨੂੰ ਸਿਰਲੇਖ ਰੱਖਦਿਆਂ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਜਿਤਾਉਣਗੇ। ਸਥਾਨਕ ਪੱਧਰ 'ਤੇ ਵਰਕਰਾਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੁਹਿੰਮ ਸਿਰਫ਼ ਚੋਣਾਂ ਤੱਕ ਸੀਮਤ ਨਹੀਂ, ਸਗੋਂ ਇਹ ਪੰਜਾਬ ਦੇ ਭਵਿੱਖ ਅਤੇ ਸਿੱਖ ਪਹਿਚਾਣ ਦੀ ਰੱਖਿਆ ਦਾ ਮਿਸ਼ਨ ਹੈ। ਲੋਕਾਂ ਵਿੱਚ ਅੱਜ ਜੋ ਉਤਸ਼ਾਹ ਅਤੇ ਵਿਸ਼ਵਾਸ ਦਿਖਾਈ ਦੇ ਰਿਹਾ ਹੈ, ਉਹ ਇਹ ਸਾਬਤ ਕਰਦਾ ਹੈ ਕਿ ਪੰਥਕ ਸਿਆਸਤ ਦੋਬਾਰਾ ਜਨਤਾ ਦੇ ਦਿਲਾਂ ਵਿੱਚ ਆਪਣੀ ਜਗ੍ਹਾ ਬਣਾ ਰਹੀ ਹੈ। ਭਾਈ ਮਨਦੀਪ ਸਿੰਘ ਨੇ ਅੰਤ ਵਿੱਚ ਸਾਰੇ ਵਰਕਰਾਂ ਅਤੇ ਸਮਰਥਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰਚਾਰ ਸਿਰਫ਼ ਵੋਟਾਂ ਲਈ ਨਹੀਂ, ਸਗੋਂ ਲੋਕਾਂ ਦੇ ਦਿਲਾਂ ਵਿੱਚ ਪੰਥਕ ਸੋਚ ਜਗਾਉਣ ਲਈ ਹੈ। ਇਸ ਵਕਤ ਉਹਨਾਂ ਦੇ ਨਾਲ ਮੁੱਖ ਤੌਰ ਤੇ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਿਆ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਭਾਈ ਹਰਪਾਲ ਸਿੰਘ ਬਲੇਰ, ਭਾਈ ਨਿਸ਼ਾਨ ਸਿੰਘ ਬਲੇਰ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਅਮਰਜੀਤ ਸਿੰਘ ਸੋਨੂੰ ਪੰਡੋਰੀ, ਭਾਈ ਰਣਜੀਤ ਸਿੰਘ ਝਬਾਲ, ਮਹਿੰਦਰਪਾਲ ਸਿੰਘ ਤੁੰਗ ਅਤੇ ਭਾਈ ਪਰਮਜੀਤ ਗਿੱਲ ਤੋਂ ਇਲਾਵਾ ਸੌ ਦੇ ਕਰੀਬ ਆਗੂ ਤੇ ਵਰਕਰ ਹਾਜਰ ਸਨ।

# ਏਮਜ਼ ਬਠਿੰਡਾ ਨੇ ਵਿਜੀਲੈਂਸ ਜਾਗਰੂਕਤਾ ਹਫ਼ਤਾ 2025 ਸ਼ੁਰੂ ਕੀਤਾ

**ਬਠਿੰਡਾ** : ਏਮਜ਼ ਬਠਿੰਡਾ ਨੇ ਵਿਜੀਲੈਂਸ ਜਾਗਰੂਕਤਾ ਹਫ਼ਤਾ 2025 ਦੀ ਸ਼ੁਰੂਆਤ ਪ੍ਰੋ. ਡਾ ਨੀਰਜਾ ਭਾਟਲਾ, ਪ੍ਰਧਾਨ, ਏਮਜ਼ ਬਠਿੰਡਾ ਅਤੇ ਪ੍ਰੋ. (ਡਾ.) ਰਤਨ ਗੁਪਤਾ, ਕਾਰਜਕਾਰੀ ਨਿਰਦੇਸ਼ਕ, ਏਮਜ਼ ਬਠਿੰਡਾ ਦੀ ਯੋਗ ਅਗਵਾਈ ਹੇਠ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਨਿਰਦੇਸ਼ਾਂ ਅਨੁਸਾਰ ਇੱਕ ਇਮਾਨਦਾਰੀ ਸਹੁੰ ਸਮਾਰੋਹ ਦੇ ਨਾਲ ਕੀਤੀ। ਇਸ ਸਾਲ ਦੇ ਵਿਜੀਲੈਂਸ ਜਾਗਰੂਕਤਾ ਹਫ਼ਤੇ ਦਾ ਵਿਸ਼ਾ "ਵਿਜੀਲੈਂਸ: ਸਾਡੀ ਸਾਂਝੀ ਜ਼ਿੰਮੇਵਾਰੀ" ਹੈ। ਇਹ ਸਮਾਗਮ ਡਾ ਸੋਨੀਆ ਕੋਚਰ, ਮੁੱਖ ਵਿਜੀਲੈਂਸ ਅਧਿਕਾਰੀ, ਏਮਜ਼ ਬਠਿੰਡਾ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ ਸੀ। ਇਸ ਸਮਾਗਮ ਵਿੱਚ ਡੀਨ ਅਕਾਦਮਿਕ, ਪ੍ਰੋ. (ਡਾ.) ਅਖਿਲੇਸ਼ ਪਾਠਕ, ਅਤੇ ਮੈਡੀਕਲ ਸੁਪਰਡੈਂਟ, ਪ੍ਰੋ. (ਡਾ.) ਰਾਜੀਵ ਕੁਮਾਰ ਸ਼ਾਮਿਲ ਸਨ ਜਿਨ੍ਹਾਂ ਦੀ ਸ਼ਾਨਦਾਰ ਮੌਜੂਦਗੀ ਅਤੇ ਪ੍ਰੇਰਣਾਦਾਇਕ ਸ਼ਬਦਾਂ ਨੇ ਸਾਰੇ ਭਾਗੀਦਾਰਾਂ ਨੂੰ ਨਿੱਜੀ ਅਤੇ ਪੇਸ਼ੇਵਰ ਦੋਵਾਂ ਖੇਤਰਾਂ ਵਿੱਚ ਇਮਾਨਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਸਾਂਝੇ ਸੁਨੇਹੇ ਵਿੱਚ, ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਨੇ ਭ੍ਰਿਸ਼ਟਾਚਾਰ ਮੁਕਤ ਸਮਾਜ ਦੇ ਨਿਰਮਾਣ ਵਿੱਚ ਸਮੂਹਿਕ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਚੌਕਸੀ ਇੱਕ ਵਿਭਾਗ ਤੱਕ ਸੀਮਤ ਕੰਮ ਨਹੀਂ ਹੈ, ਸਗੋਂ ਇੱਕ ਸਾਂਝਾ ਮੁੱਲ ਹੈ ਜੋ ਹਰ ਕਾਰਵਾਈ ਅਤੇ ਫੈਸਲੇ ਦੀ ਅਗਵਾਈ ਕਰਦਾ ਹੈ ਅਤੇ ਸਾਰੇ ਫੈਕਲਟੀ, ਅਧਿਕਾਰੀਆਂ ਅਤੇ ਸਟਾਫ ਨੂੰ ਇਮਾਨਦਾਰੀ ਦੇ ਵਾਅਦੇ ਦੀ ਭਾਵਨਾ ਨੂੰ ਅੰਦਰੂਨੀ ਕਰਨ ਅਤੇ ਇਮਾਨਦਾਰੀ ਅਤੇ ਨੈਤਿਕ ਸ਼ਾਸਨ ਨੂੰ ਉਤਸ਼ਾਹਿਤ ਕਰਨ ਵਿੱਚ ਉਦਾਹਰਣ ਵਜੋਂ ਅਗਵਾਈ ਕਰਨ ਦੀ ਅਪੀਲ ਕੀਤੀ। ਏਮਜ਼ ਬਠਿੰਡਾ ਦੇ ਫੈਕਲਟੀ ਮੈਂਬਰਾਂ ਅਤੇ ਸਟਾਫ ਨੇ ਬਹੁਤ ਉਤਸ਼ਾਹ ਨਾਲ ਸਮਾਰੋਹ ਵਿੱਚ ਹਿੱਸਾ ਲਿਆ। ਉਨ੍ਹਾਂ ਦੀ ਭਾਗੀਦਾਰੀ ਪੇਸ਼ੇਵਰ ਆਚਰਣ ਦੇ ਸਾਰੇ ਪਹਿਲੂਆਂ ਵਿੱਚ ਇਮਾਨਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਬਰਕਰਾਰ ਰੱਖਣ ਲਈ ਉਨ੍ਹਾਂ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ।ਇਸ ਸਮਾਗਮ ਵਿੱਚ ਫੈਕਲਟੀ ਅਤੇ ਸਟਾਫ ਲਈ ਨੈਤਿਕ ਕਾਰਜ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਜਨਤਕ ਸੇਵਾ ਵਿੱਚ ਭ੍ਰਿਸ਼ਟਾਚਾਰ ਨੂੰ ਰੋਕਣ ਵਿੱਚ ਚੌਕਸੀ ਦੀ ਮਹੱਤਤਾ 'ਤੇ ਇੱਕ ਸੰਵੇਦਨਸ਼ੀਲਤਾ ਸੈਸ਼ਨ ਵੀ ਸ਼ਾਮਿਲ ਸੀ।ਇਹ ਸਮਾਰੋਹ ਸੰਸਥਾ ਦੇ ਅੰਦਰ ਜਾਗਰੂਕਤਾ ਫੈਲਾਉਣ ਅਤੇ ਇਮਾਨਦਾਰੀ ਅਤੇ ਚੰਗੇ ਸ਼ਾਸਨ ਦੇ ਮੁੱਲਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਗਤੀਵਿਧੀਆਂ ਦੀ ਇੱਕ ਹਫ਼ਤੇ-ਲੰਬੀ ਲੜੀ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM International Newspaper & WEB TV



## ਸੰਤ ਬਾਬਾ ਮੋਹਨ ਸਿੰਘ ਜੀ ਮਤਵਾਲਾ

(1900 ਈ: ਤੋਂ 15 ਜਨਵਰੀ 1992 ਈ:)

ਆਪ ਜੀ ਦਾ ਜਨਮ ਸ. ਕਾਲਾ ਸਿੰਘ ਦੇ ਗ੍ਰਹਿ ਪਿੰਡ ਤਿਲੋਕੇਵਾਲਾ, ਜ਼ਿਲ੍ਹਾ ਸਿਰਸਾ, ਹਰਿਆਣਾ ਵਿਖੇ ਹੋਇਆ। ਆਪ ਜੀ ਸੰਤ ਸੁੰਦਰ ਸਿੰਘ ਜੀ ਖਾਲਸਾ ਭਿੰਡਰਾਵਾਲਿਆਂ ਪਾਸੋਂ ਵਿਦਿਆ ਪ੍ਰਾਪਤ ਕਰਨ ਉਪਰੰਤ ਪੰਥਕ ਮੋਰਚਿਆਂ (ਜੈਤੋਂ ਦਾ ਮੋਰਚਾ, ਡਸਕੇ ਦਾ ਮੋਰਚਾ, ਧਰਮ ਯੁੱਧ ਮੋਰਚਾ) ਵਿੱਚ ਸ਼ਾਮਿਲ ਹੋਏ। ਸੰਨ 1928 ਈ: ਵਿੱਚ ਗੁਰਦੁਆਰਾ ਨਿਰਮਲਸਰ ਸਾਹਿਬ ਪਿੰਡ ਤਿਲੋਕੇਵਾਲਾ ਦੀ ਸਥਾਪਨਾ ਕੀਤੀ ਅਤੇ 1930 ਈ: ਵਿਚ ਖਾਲਸਾ ਪ੍ਰਾਇਮਰੀ ਸਕੂਲ, ਗੁਰਮਤਿ ਵਿਦਿਆਲਾ ਚਲਾਇਆ ਜਿਥੋਂ ਹਜਾਰਾਂ ਦੀ ਗਿਣਤੀ ਵਿਚ ਗ੍ਰੰਥੀ ਸਿੰਘ, ਰਾਗੀ ਸਿੰਘ ਅਤੇ ਕਥਾਵਾਚਕ ਤਿਆਰ ਹੋਏ। ਆਪਣੇ ਜੀਵਨ ਕਾਲ ਦੌਰਾਨ ਆਪ ਜੀ ਨੇ ਗੁਰਮਤਿ ਦਾ ਪ੍ਰਚਾਰ-ਪ੍ਰਸਾਰ ਕੀਤਾ ਤੇ ਗੁਰੂ ਘਰਾਂ ਦੀ ਸੇਵਾ ਨਿਭਾਉਂਦੇ ਹੋਏ ਸੱਚਖੰਡ ਜਾ ਬਿਰਾਜੇ।

# ਸ਼੍ਰੋਮਣੀ ਕਮੇਟੀ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਝੂਠ ਪਰੋਸਣਾ ਸਖ਼ਤੀ ਨਾਲ ਕਰੇ ਬੰਦ - ਜਥੇਦਾਰ ਦਾਦੂਵਾਲ

**ਸਿੱਖ** ਪੰਥ ਨੇ ਸ਼ਹਾਦਤਾਂ ਦੇ ਕੇ ਇਤਿਹਾਸਿਕ ਗੁਰਦੁਆਰੇ ਮਹੰਤਾਂ ਤੋਂ ਆਜ਼ਾਦ ਕਰਵਾਏ ਅਤੇ ਚੰਗੇ ਪ੍ਰਬੰਧ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕੀਤੀ ਸੀ ਸ਼੍ਰੋਮਣੀ ਕਮੇਟੀ ਦੇ ਚੁਣੇ ਪ੍ਰਬੰਧਕ ਗੁਰਦੁਆਰਿਆਂ ਦੇ ਮਾਲਕ ਨਹੀਂ ਕੇਅਰ ਟੇਕਰ ਸੇਵਾਦਾਰ ਹੁੰਦੇ ਹਨ ਉਨਾਂ ਦੀ ਜਿੰਮੇਵਾਰੀ ਬਣਦੀ ਹੈ ਕੇ ਇਤਿਹਾਸਿਕ ਗੁਰਦੁਆਰਿਆਂ ਦੇ ਚੰਗੇ ਪ੍ਰਬੰਧ ਦੇ ਨਾਲ ਨਾਲ ਧਰਮ ਪ੍ਰਚਾਰ ਪ੍ਰਸਾਰ ਕੀਤਾ ਜਾਵੇ ਸ਼੍ਰੋਮਣੀ ਕਮੇਟੀ ਪ੍ਰਬੰਧ ਹੇਠ ਆਉਂਦੇ ਅਦਾਰਿਆਂ ਵਿੱਚ ਝੂਠ ਪਰੋਸਣਾ ਸ਼ੁਰੂ ਕਰ ਦੇਵੇ ਤਾਂ ਆਉਣ ਵਾਲੀ ਪੀੜੀ ਲਈ ਦੁਬਿਧਾ ਖੜੀ ਹੋ ਜਾਵੇਗੀ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕੀਤਾ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਕੇਂਦਰੀ ਸਿੱਖ ਅਜਾਇਬ ਘਰ ਸ੍ਰੀ ਅੰਮ੍ਰਿਤਸਰ ਸਾਹਿਬ ਸਿੱਖ ਪੰਥ ਦੀ ਇਤਿਹਾਸਿਕ ਵਿਰਾਸਤ ਹੈ ਜਿੱਥੇ ਸਿੱਖ ਪੰਥ ਲਈ ਕੁਰਬਾਨੀਆਂ ਕਰਨ ਸੇਵਾ ਸਿਮਰਨ ਕਰਨ ਵਾਲਿਆਂ ਦੀਆਂ ਯਾਦਾਂ ਨੂੰ ਸੰਭਾਲਿਆ ਜਾਣਾ ਚਾਹੀਦਾ ਹੈ ਪਰ ਮੌਜੂਦਾ ਸਮੇਂ ਅੰਦਰ ਪ੍ਰਬੰਧਕਾਂ ਦੀ ਅਣਗਹਿਲੀ ਜਾਂ ਮਨਮਾਨੀ ਨਾਲ ਅਜਾਇਬ ਘਰ ਵਿੱਚ ਝੂਠ ਪਰੋਸਿਆ ਜਾ ਰਿਹਾ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਕੇਂਦਰੀ ਅਜਾਇਬ ਘਰ ਵਿੱਚ ਸਿੱਖ ਪੰਥ ਲਈ ਕੁਰਬਾਨੀ ਕਰਨ ਵਾਲੇ ਯੋਧਿਆਂ ਸੇਵਾ ਸਿਮਰਨ ਧਰਮ ਪ੍ਰਚਾਰ ਪ੍ਰਸਾਰ ਕਰਨ ਵਾਲੇ ਮਹਾਂਪੁਰਸ਼ਾਂ ਦੀਆਂ ਤਸਵੀਰਾਂ ਲਗਾਈਆਂ ਜਾਣੀਆਂ ਚਾਹੀਦੀਆਂ ਹਨ ਨਾ ਕੇ ਪੰਥ ਨਾਲ ਗਦਾਰੀ ਕਰਨ ਵਾਲਿਆਂ ਦੀਆਂ ਤਸਵੀਰਾਂ ਕੇਂਦਰੀ ਅਜਾਇਬ ਘਰ ਵਿੱਚ ਲਾਈਆਂ ਜਾਣ ਜ਼ਿਕਰਯੋਗ ਹੈ ਕੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਜਿੱਥੇ 1984 ਸਮੇਂ ਕੁਰਬਾਨੀਆਂ ਕਰਨ ਵਾਲੇ ਯੋਧਿਆਂ ਦੀਆਂ ਤਸਵੀਰਾਂ ਲੱਗੀਆਂ ਹਨ ਉੱਥੇ ਹੀ 1984 ਵੇਲੇ ਗਦਾਰੀ ਕਰਨ ਵਾਲਿਆਂ ਦੀਆਂ ਤਸਵੀਰਾਂ ਵੀ ਲਗਾਈਆਂ ਹੋਈਆਂ ਹਨ ਸੌਦਾ ਅਸਾਧ ਦੇ ਖਿਲਾਫ ਸ੍ਰੀ ਅਕਾਲ



ਤਖਤ ਸਾਹਿਬ ਦੇ ਹੁਕਮਨਾਮੇ ਤੇ ਪਹਿਰਾ ਦੇ ਕੇ ਸ਼ਹੀਦੀ ਪਾਉਣ ਵਾਲੇ ਸਿੱਖ ਯੋਧਿਆਂ ਦੀਆਂ ਤਸਵੀਰਾਂ ਵੀ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲੱਗੀਆਂ ਹੋਈਆਂ ਹਨ ਅਤੇ ਨਾਲ ਹੀ ਸੌਦਾ ਅਸਾਧ ਨੂੰ ਮਾਫੀਨਾਮਾ ਜਾਰੀ ਕਰਨ ਵਾਲਿਆਂ ਦੀਆਂ ਤਸਵੀਰਾਂ ਵੀ ਉੱਥੇ ਹੀ ਲਗਾਈਆਂ ਹੋਈਆਂ ਹਨ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਇੱਕ ਦੋ ਦਿਨ ਪਹਿਲਾਂ ਲੱਗੀ ਸੰਤ ਮੋਹਨ ਸਿੰਘ ਮਤਵਾਲਾ ਦੀ ਤਸਵੀਰ ਤੇ ਟਿੱਪਣੀ ਕਰਦਿਆਂ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਮਤਵਾਲਾ ਜੀ ਦੀ ਤਸਵੀਰ ਲਗਾਉਣੀ ਮਾੜੀ ਗੱਲ ਨਹੀਂ ਪਰ ਤਸਵੀਰ ਉੱਤੇ ਸੰਗਤਾਂ ਨੂੰ ਝੂਠ ਪਰੋਸਣਾ ਮਾੜੀ ਗੱਲ ਹੈ ਤਸਵੀਰ ਉੱਤੇ ਲਿਖਿਆ ਗਿਆ ਹੈ ਕੇ ਸੰਤ ਮੋਹਨ ਸਿੰਘ ਮਤਵਾਲਾ ਦਾ ਪਿੰਡ ਤਿਲੋਕੇਵਾਲਾ ਸਿਰਸਾ ਵਿਖੇ ਜਨਮ ਹੋਇਆ ਇਹ ਸਰਾਸਰ ਝੂਠ ਹੈ ਪਿੰਡ ਤਿਲੋਕੇਵਾਲਾ ਸਮੇਤ ਸਾਰੇ ਇਲਾਕੇ ਨੂੰ ਨਹੀਂ ਪਤਾ ਕੇ ਉਹ ਕਿੱਥੋਂ ਦੇ ਸਨ ਉਨਾਂ ਬਾਰੇ ਲਿਖਣਾ ਕੇ ਉਨਾਂ ਨੇ ਗੁਰਮਤਿ ਵਿਦਿਆਲਾ ਚਲਾਇਆ ਸੀ ਜਿੱਥੋਂ ਹਜ਼ਾਰਾਂ ਕਥਾਵਾਚਕ ਅਤੇ ਰਾਗੀ ਸਿੰਘ ਬਣੇ ਇਹ ਵੀ ਸਰਾਸਰ ਝੂਠ ਹੈ ਜਦੋਂ ਕੇ ਸੰਤ ਮੋਹਨ ਸਿੰਘ ਦੀ ਗੱਦੀ ਤੇ ਬਾਅਦ ਵਿੱਚ ਪਿੰਡ ਵਲੋਂ ਬਿਠਾਏ ਵਾਰਿਸ ਗੁਰਮੀਤ ਸਿੰਘ ਹੀ ਨਾ ਤਾਂ ਕਥਾਵਾਚਕ ਹੈ ਤੇ ਨਾ ਹੀ ਕੀਰਤਨੀਆਂ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਹਜ਼ਾਰਾਂ ਕਥਾਵਾਚਕ ਤੇ ਰਾਗੀ ਤਾਂ ਦੂਰ ਦੀ ਗੱਲ ਗਿਣਤੀ ਦੇ 10 - 20 ਰਾਗੀ ਜਾਂ ਕਥਾਵਾਚਕਾਂ ਦੇ ਨਾਮ ਹੀ ਦੱਸ ਦਿੱਤੇ ਜਾਣ ਜਿਨਾਂ ਨੇ ਸੰਤ ਮੋਹਨ ਸਿੰਘ ਮਤਵਾਲਾ ਦੇ ਚਲਾਏ ਵਿਦਿਆਲੇ ਚੋਂ ਕੀਰਤਨ ਤੇ ਕਥਾ ਸਿੱਖ ਕੇ ਪ੍ਰਚਾਰ ਪ੍ਰਸਾਰ ਕੀਤਾ ਹੋਵੇ ਜਾਂ ਕਰ ਰਹੇ ਹੋਣ ਇਹ ਸਾਰਸਰ ਸੰਗਤਾਂ ਨੂੰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਕੋਰਾ ਝੂਠ ਪਰੋਸਿਆ ਗਿਆ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਹੈ ਕੇ ਉਹ ਕੇਂਦਰੀ ਸਿੱਖ ਅਜਾਇਬ ਘਰ ਨੂੰ ਝੂਠ ਦਾ ਪੁਲੰਦਾ ਬਨਣ ਤੋਂ ਸਖ਼ਤੀ ਨਾਲ ਰੋਕੇ ਅਤੇ ਕੀਤੀ ਗਲਤੀ ਨੂੰ ਤੁਰੰਤ ਦਰੁੱਸਤ ਕਰੇ।